ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 6 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੬, ੨੩ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## 58 ਤਹਿਸੀਲਦਾਰਾਂ ਤੇ 177 ਨਾਇਬ ਤਹਿਸੀਲਦਾਰ ਦੇ ਹੋਏ ਤਬਾਦਲੇ, ਸਰਕਾਰ ਨਾਲ ਮੱਥਾ ਲਾਉਣਾ ਪਿਆ ਮਹਿੰਗਾ !

**ਚੰਡੀਗੜ੍ਹ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ ਮਾਲ ਵਿਭਾਗ ਵਿੱਚ ਵੱਡਾ ਫੇਰਬਦਲ ਕੀਤਾ ਹੈ। ਸਰਕਾਰ ਨੇ 58 ਤਹਿਸੀਲਦਾਰਾਂ ਅਤੇ 177 ਨਾਇਬ ਤਹਿਸੀਲਦਾਰਾਂ ਦੇ ਤਬਾਦਲੇ ਕੀਤੇ ਹਨ। ਮਾਲ ਅਧਿਕਾਰੀਆਂ ਦੀ ਹੜਤਾਲ ਤੋਂ ਬਾਅਦ ਪੰਜਾਬ ਸਰਕਾਰ ਨੇ ਦੇਰ ਸ਼ਾਮ 14 ਤਹਿਸੀਲਦਾਰਾਂ ਤੇ ਨਾਇਬ ਤਹਿਸੀਲਦਾਰਾਂ ਨੂੰ ਮੁਅੱਤਲ ਕਰ ਦਿੱਤਾ ਸੀ ਤੇ ਹੁਣ ਸਰਕਾਰ ਨੇ ਬੁੱਧਵਾਰ ਨੂੰ ਤਬਾਦਲੇ ਦੇ ਹੁਕਮ ਜਾਰੀ ਕੀਤੇ। ਇਸ ਵਿੱਚ ਵੱਡੀ ਗੱਲ ਇਹ ਹੈ ਕਿ ਇਨ੍ਹਾਂ ਦੇ ਤਬਾਦਲੇ ਦੂਰ-ਦੂਰ ਕੀਤੇ ਹਨ ਕਈਆਂ ਨੂੰ ਤਾਂ ਆਪਣੀ ਥਾਂ ਤੋਂ 200 ਕਿਲੋਮੀਟਰ ਦੂਰ ਭੇਜਿਆ ਗਿਆ ਹੈ। ਪੰਜਾਬ ਦੇ ਮਾਲ ਅਧਿਕਾਰੀ (ਤਹਿਸੀਲਦਾਰ) ਮੰਗਲਵਾਰ ਸਵੇਰੇ ਸਮੂਹਿਕ ਛੁੱਟੀ ’ਤੇ ਚਲੇ ਗਏ। ਤਹਿਸੀਲਾਂ ਵਿੱਚ ਰਜਿਸਟਰੀ ਤੇ ਜਾਇਦਾਦ ਨਾਲ ਸਬੰਧਤ ਸੇਵਾਵਾਂ ਦਾ ਨਿਰੀਖਣ ਕਰਨ ਲਈ, ਮੁੱਖ ਮੰਤਰੀ ਭਗਵੰਤ ਮਾਨ ਖੁਦ ਮੈਦਾਨ ਵਿੱਚ ਆਏ ਤੇ ਖਰੜ, ਬਨੂੜ ਅਤੇ ਜ਼ੀਰਕਪੁਰ ਤਹਿਸੀਲਾਂ ਦਾ ਦੌਰਾ ਕੀਤਾ। ਸੀਐਮ ਮਾਨ ਨੇ ਸਖ਼ਤ ਹੁਕਮ ਜਾਰੀ ਕਰਕੇ ਕਿਹਾ ਸੀ ਕਿ ਜੇ ਮਾਲ ਅਧਿਕਾਰੀ ਸ਼ਾਮ 5 ਵਜੇ ਤੱਕ ਡਿਊਟੀ ’ਤੇ ਵਾਪਸ ਨਹੀਂ ਆਉਂਦੇ ਤਾਂ ਉਨ੍ਹਾਂ ਨੂੰ ਮੁਅੱਤਲੀ ਦੇ ਹੁਕਮ ਜਾਰੀ ਕੀਤੇ ਜਾਣਗੇ। ਇਸ ਹੁਕਮ ਦੇ ਅਨੁਸਾਰ, ਜਿਹੜੇ ਮਾਲ ਅਧਿਕਾਰੀ ਪੰਜ ਵਜੇ ਤੋਂ ਬਾਅਦ ਡਿਊਟੀ ’ਤੇ ਵਾਪਸ ਨਹੀਂ ਆਉਂਦੇ, ਉਨ੍ਹਾਂ ਨੂੰ ਆਪਣੇ ਆਪ ਨੂੰ ਮੁਅੱਤਲ ਦੇ ਅਧੀਨ ਸਮਝਣਾ ਚਾਹੀਦਾ ਹੈ। ਚੇਤਾਵਨੀਆਂ ਦੇ ਬਾਵਜੂਦ ਕੰਮ ’ਤੇ ਨਾ ਪਰਤੇ 14 ਅਜਿਹੇ ਤਹਿਸੀਲਦਾਰਾਂ ਨੂੰ ਮੁਅੱਤਲ ਕਰ ਦਿੱਤਾ ਗਿਆ।

## ਚੰਡੀਗੜ੍ਹ ਵੱਲ ਮਾਰਚ ਕਰਨ ’ਤੇ ਅੜੇ

# ਕਿਸਾਨਾਂ ਨੂੰ ਪੁਲਿਸ ਨੇ ਭੇਜਿਆ ਜੇਲ੍ਹ



**ਚੰਡੀਗੜ੍ਹ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਅੰਦੋਲਨ ਨੂੰ ਲੈ ਕੇ ਪੰਜਾਬ ਵਿੱਚ ਤਣਾਅ ਵਧ ਗਿਆ ਹੈ। ਬੁੱਧਵਾਰ ਨੂੰ ਚੰਡੀਗੜ੍ਹ ਵਿੱਚ ਧਰਨਾ ਦੇਣ ਜਾ ਰਹੇ ਕਿਸਾਨ ਆਗੂਆਂ ਨੂੰ ਲੁਧਿਆਣਾ ਦਿਹਾਤੀ ਪੁਲਿਸ ਨੇ ਰਾਏਕੋਟ ਨੇੜੇ ਰੋਕ ਲਿਆ। ਇਸ ਨਾਲ ਪੁਲਿਸ ਤੇ ਕਿਸਾਨਾਂ ਵਿਚਕਾਰ ਟਕਰਾਅ ਪੈਦਾ ਹੋ ਗਿਆ। SDM ਦੇ ਹੁਕਮਾਂ ’ਤੇ ਪੁਲਿਸ ਨੇ ਕਈ ਕਿਸਾਨਾਂ ਨੂੰ ਹਿਰਾਸਤ ਵਿੱਚ ਲੈ ਲਿਆ। ਚਾਰ ਪ੍ਰਮੁੱਖ ਕਿਸਾਨ ਆਗੂਆਂ ਨੂੰ 10 ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ। ਜੇਲ੍ਹ ਭੇਜੇ ਗਏ ਆਗੂਆਂ ਵਿੱਚ ਜਗਤਾਰ ਸਿੰਘ ਦੇਹੜਕਾ, ਬੂਟਾ ਸਿੰਘ ਚਕਰ, ਜੋਗਿੰਦਰ ਸਿੰਘ ਮਲਸੀਆ ਤੇ ਗੁਰਮੇਲ ਸਿੰਘ ਰੂੰਮੀ ਸ਼ਾਮਲ ਹਨ। ਕਿਸਾਨ ਆਗੂਆਂ ਇੰਦਰਜੀਤ ਸਿੰਘ ਅਤੇ ਬੂਟਾ ਸਿੰਘ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਤਾਨਾਸ਼ਾਹੀ ਦਾ ਸਹਾਰਾ ਲਿਆ ਹੈ। ਉਨ੍ਹਾਂ ਕਿਹਾ ਕਿ ਇੱਕ ਆਜ਼ਾਦ ਦੇਸ਼ ਵਿੱਚ ਕਿਸਾਨਾਂ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ। ਉਨ੍ਹਾਂ ਦੀ ਆਵਾਜਾਈ ਨੂੰ ਸੀਮਤ ਕੀਤਾ ਜਾ ਰਿਹਾ ਹੈ। ਇਸ ਕਾਰਵਾਈ ਦੇ ਵਿਰੋਧ ਵਿੱਚ ਕਿਸਾਨ ਸੜਕ ’ਤੇ ਧਰਨੇ ’ਤੇ ਬੈਠ ਗਏ। ਉਨ੍ਹਾਂ ਨੇ ਆਮ ਆਦਮੀ ਪਾਰਟੀ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਕਿਸਾਨਾਂ ਦਾ ਕਹਿਣਾ ਹੈ ਕਿ ਭਗਵੰਤ ਮਾਨ ਸਰਕਾਰ ਦੀਆਂ ਕਾਰਵਾਈਆਂ ਬ੍ਰਿਟਿਸ਼ ਸ਼ਾਸਨ ਨਾਲੋਂ ਵੀ ਜ਼ਿਆਦਾ ਦਮਨਕਾਰੀ ਹਨ। ਕਿਸਾਨ ਆਗੂਆਂ ਨੇ ਚੇਤਾਵਨੀ ਦਿੱਤੀ ਹੈ ਕਿ ਉਹ ਇਸ ਤਾਨਾਸ਼ਾਹੀ ਨੂੰ ਬਰਦਾਸ਼ਤ ਨਹੀਂ ਕਰਨਗੇ।

## ਸਾਥੀਆਂ ਨੇ ਸੜਕ ’ਤੇ ਹੀ ਲਾਇਆ ਧਰਨਾ, ਕਿਹਾ-ਅੰਗਰੇਜ਼ਾਂ ਨਾਲੋਂ ਵੀ ਮਾੜੇ ਕੀਤੇ ਹਲਾਤ

**ਚੰਡੀਗੜ੍ਹ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਸੰਯੁਕਤ ਕਿਸਾਨ ਮੋਰਚਾ (SKM) ਨੇ ਪੰਜਾਬ ਸਰਕਾਰ ਖਿਲਾਫ ਮੋਰਚਾ ਖੋਲ੍ਹ ਦਿੱਤਾ ਹੈ। ਕਿਸਾਨਾਂ ਨੇ ਅੱਜ 5 ਮਾਰਚ ਤੋਂ ਚੰਡੀਗੜ੍ਹ ਦੇ ਸੈਕਟਰ 34 ਵਿੱਚ ਅਣਮਿੱਥੇ ਸਮੇਂ ਲਈ ਧਰਨੇ ਦਾ ਐਲਾਨ ਕੀਤਾ ਹੋਇਆ ਸੀ। ਦੂਜੇ ਪਾਸੇ ਚੰਡੀਗੜ੍ਹ ਤੇ ਪੰਜਾਬ ਪੁਲਿਸ ਕਿਸਾਨਾਂ ਸਾਹਮਣੇ ਕੰਧ ਬਣ ਕੇ ਖੜ੍ਹ ਗਈ ਹੈ। ਕਿਸਾਨਾਂ ਨੇ ਐਲਾਨ ਕੀਤਾ ਹੈ ਕਿ ਉਹ ਹਰ ਹਾਲਤ ਵਿੱਚ ਮੁਹਾਲੀ ਰਾਹੀਂ ਟਰੈਕਟਰ ਟਰਾਲੀਆਂ ਲੈ ਕੇ ਚੰਡੀਗੜ੍ਹ ਵਿੱਚ ਦਾਖਲ ਹੋਣਗੇ। ਹਾਸਲ ਜਾਣਕਾਰੀ ਮੁਤਾਬਕ ਚੰਡੀਗੜ੍ਹ ਪੁਲਿਸ ਨੇ ਰਾਜਧਾਨੀ ਨੂੰ ਚੁਫੇਰਿਓਂ ਸੀਲ ਕਰ ਦਿੱਤਾ ਹੈ। ਦੂਜੇ ਪਾਸੇ ਪੰਜਾਬ ਪੁਲਿਸ ਕਿਸਾਨਾਂ ਨੂੰ ਚੰਡੀਗੜ੍ਹ ਵੱਲ ਵਧਣ ਤੋਂ ਰੋਕ ਰਹੀ ਹੈ। ਪੁਲਿਸ ਦੀ ਸਖਤੀ ਕਰਕੇ ਕਿਸਾਨਾਂ ਅੰਦਰ ਪੰਜਾਬ ਸਰਕਾਰ ਖਿਲਾਫ ਰੋਹ ਵਧ ਗਿਆ ਹੈ। ਕਿਸਾਨ 13 ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਹਨ ਜਿਸ ਵਿੱਚ ਐਮ. ਐਸ. ਪੀ. ਦੀ ਗਰੰਟੀ ਦੇਣ ਵਾਲਾ ਕਾਨੂੰਨ ਵੀ ਸ਼ਾਮਲ ਹੈ। ਕਿਸਾਨਾਂ ਨੂੰ ਅਜੇ ਤੱਕ ਚੰਡੀਗੜ੍ਹ ਪ੍ਰਸ਼ਾਸਨ ਤੋਂ ਵਿਰੋਧ ਪ੍ਰਦਰਸ਼ਨ ਕਰਨ ਦੀ ਇਜਾਜ਼ਤ ਨਹੀਂ ਮਿਲੀ। ਇਸ ਦੇ ਮੱਦੇਨਜ਼ਰ ਚੰਡੀਗੜ੍ਹ ਪੁਲਿਸ ਨੇ ਪੰਜਾਬ ਨਾਲ ਲੱਗਦੀਆਂ ਸਾਰੀਆਂ ਸਰਹੱਦਾਂ ਨੂੰ ਸੀਲ ਕਰ ਦਿੱਤਾ ਹੈ। ਇਹ ਯਕੀਨੀ ਬਣਾਉਣ ਲਈ ਕਿ ਕਿਸਾਨ ਚੰਡੀਗੜ੍ਹ ਵਿੱਚ ਦਾਖਲ ਨਾ ਹੋਣ, ਪੁਲਿਸ ਬਾਈਕ ਤੇ ਕਾਰ ਸਵਾਰਾਂ ਦੇ ਪਛਾਣ ਪੱਤਰਾਂ ਦੀ ਵੀ ਜਾਂਚ ਕਰ ਰਹੀ ਹੈ। ਇਸ ਤੋਂ ਬਾਅਦ ਹੀ ਉਨ੍ਹਾਂ ਨੂੰ ਐਂਟਰੀ ਦਿੱਤੀ ਜਾ ਰਹੀ ਹੈ। ਇਸ ਦੌਰਾਨ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਮੁਖੀ ਜੋਗਿੰਦਰ ਸਿੰਘ ਉਗਰਾਹਾਂ ਨੇ ਅੰਦੋਲਨਕਾਰੀ ਕਿਸਾਨਾਂ ਨੂੰ ਅਪੀਲ ਕੀਤੀ ਕਿ ਜਿੱਥੇ ਵੀ ਪੁਲਿਸ ਉਨ੍ਹਾਂ ਨੂੰ ਰੋਕੇ, ਉਹ ਸੜਕ ਕਿਨਾਰੇ ਖਾਲੀ ਜਗ੍ਹਾ ’ਤੇ ਬੈਠ ਜਾਣ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਕਿਸਾਨਾਂ ’ਤੇ ਸੜਕਾਂ ਰੋਕਣ ਦਾ ਦੋਸ਼ ਲਾ ਕੇ ਉਨ੍ਹਾਂ ਨੂੰ ਬਦਨਾਮ ਕਰਨ ਦੀ ਸਾਜ਼ਿਸ਼ ਰਚ ਰਹੀ ਹੈ। ਸੀਐਮ ਭਗਵੰਤ ਮਾਨ ਦੇ ਚੈਲੰਜ ਮਗਰੋਂ ਕਿਸਾਨ ਹਰ ਹਾਲਤ ਵਿੱਚ ਚੰਡੀਗੜ੍ਹ ਦਾਖਲ ਹੋਣਾ ਚਾਹੁੰਦੇ ਹਨ।

## ਕੇਦਾਰਨਾਥ ਤੇ ਸ੍ਰੀ ਹੇਮਕੁੰਟ ਸਾਹਿਬ ਰੋਪਵੇਅ ਪ੍ਰਾਜੈਕਟ ਨੂੰ ਮਿਲੀ ਮਨਜ਼ੂਰੀ

**ਨਵੀਂ ਦਿੱਲੀ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਰਕਾਰ ਨੇ ਉੱਤਰਾਖੰਡ ’ਚ ਦੋ ਮਹੱਤਵਪੂਰਨ ਰੋਪਵੇਅ ਪ੍ਰਾਜੈਕਟਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਨ੍ਹਾਂ ’ਚੋਂ ਇਕ ਪ੍ਰਾਜੈਕਟ ਸੋਨਪ੍ਰਯਾਗ ਤੋਂ ਕੇਦਾਰਨਾਥ (12.9 ਕਿਲੋਮੀਟਰ) ਅਤੇ ਦੂਜਾ ਗੋਵਿੰਦਘਾਟ ਤੋਂ ਸ੍ਰੀ ਹੇਮਕੁੰਡ ਸਾਹਿਬ (12.4 ਕਿਲੋਮੀਟਰ) ਤੱਕ ਹੈ। ਇਨ੍ਹਾਂ ਦੋਵਾਂ ਪ੍ਰਾਜੈਕਟਾਂ ਦੀ ਕੁੱਲ ਲਾਗਤ 6,811 ਕਰੋੜ ਰੁਪਏ ਹੋਵੇਗੀ। ਇਨ੍ਹਾਂ ਰੋਪਵੇਅ ਪ੍ਰਾਜੈਕਟਾਂ ਦਾ ਨਿਰਮਾਣ 4 ਤੋਂ 6 ਸਾਲਾਂ ਦੇ ਅੰਦਰ ਪੂਰਾ ਹੋ ਜਾਵੇਗਾ। ਇਹ ਐਲਾਨ ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਆਰਥਿਕ ਮਾਮਲਿਆਂ ਬਾਰੇ ਕੈਬਨਿਟ ਕਮੇਟੀ (ਸੀਸੀਈਏ) ਦੇ ਫੈਸਲੇ ਤੋਂ ਬਾਅਦ ਕੀਤਾ। ਸੋਨਪ੍ਰਯਾਗ ਤੋਂ ਕੇਦਾਰਨਾਥ ਤੱਕ 12.9 ਕਿਲੋਮੀਟਰ ਰੋਪਵੇਅ ਡਿਜ਼ਾਈਨ, ਬਿਲਡ, ਫਾਈਨੈਂਸ, ਓਪਰੇਟ ਅਤੇ ਟਰਾਂਸਫਰ DBFOT ਮੋਡ ’ਤੇ ਬਣਾਇਆ ਜਾਵੇਗਾ, ਜਿਸ ਦੀ ਕੁੱਲ ਲਾਗਤ 4,081.28 ਕਰੋੜ ਰੁਪਏ ਹੋਵੇਗੀ। ਇਸ ਪ੍ਰਾਜੈਕਟ ਦੇ ਤਹਿਤ ਸਭ ਤੋਂ ਉੱਨਤ ਟ੍ਰਾਈ-ਕੇਬਲ ਡੀਟੈਚੇਬਲ ਗੋਂਡੋਲਾ (CS) ਤਕਨਾਲੋਜੀ ਦੀ ਵਰਤੋਂ ਕੀਤੀ ਜਾਵੇਗੀ। ਇਸ ’ਚ ਹਰ ਦਿਸ਼ਾ ’ਚ ਪ੍ਰਤੀ ਘੰਟਾ 1,800 ਯਾਤਰੀਆਂ ਨੂੰ ਲਿਜਾਣ ਦੀ ਸਮਰੱਥਾ ਹੋਵੇਗੀ, ਜਿਸ ਨਾਲ ਰੋਜ਼ਾਨਾ 18,000 ਯਾਤਰੀ ਯਾਤਰਾ ਕਰ ਸਕਣਗੇ। ਗੋਵਿੰਦਘਾਟ ਤੋਂ ਸ੍ਰੀ ਹੇਮਕੁੰਡ ਸਾਹਿਬ ਤੱਕ 12.4 ਕਿਲੋਮੀਟਰ ਦੇ ਰੋਪਵੇਅ ਦਾ ਨਿਰਮਾਣ ਵੀ DBFOT ਮੋਡ ’ਤੇ ਹੋਵੇਗਾ, ਜਿਸ ਦੀ ਕੁੱਲ ਲਾਗਤ 2,730.13 ਕਰੋੜ ਰੁਪਏ ਹੋਵੇਗੀ। ਸ੍ਰੀ ਹੇਮਕੁੰਟ ਸਾਹਿਬ ਤੱਕ ਪਹੁੰਚਣ ਲਈ ਫਿਲਹਾਲ ਗੋਵਿੰਦਘਾਟ ਤੋਂ 21 ਕਿਲੋਮੀਟਰ ਦੀ ਕਠਿਨ ਚੜ੍ਹਾਈ ਕਰਨੀ ਪੈਂਦੀ ਹੈ। ਇਹ ਰੋਪਵੇਅ ਪ੍ਰਾਜੈਕਟ ਸ੍ਰੀ ਹੇਮਕੁੰਟ ਸਾਹਿਬ ਦੇ ਤੀਰਥ ਯਾਤਰੀਆਂ ਅਤੇ ਫੁੱਲਾਂ ਦੀ ਘਾਟੀ ਦੇਖਣ ਵਾਲੇ ਸੈਲਾਨੀਆਂ ਲਈ ਸਹੂਲਤ ਪ੍ਰਦਾਨ ਕਰੇਗਾ ਅਤੇ ਗੋਵਿੰਦਘਾਟ ਤੋਂ ਸ੍ਰੀ ਹੇਮਕੁੰਟ ਸਾਹਿਬ ਤੱਕ ਸਾਰੇ ਮੌਸਮਾਂ ’ਚ ਕਨੈਕਟੀਵਿਟੀ ਯਕੀਨੀ ਕਰੇਗਾ। ਕੇਦਾਰਨਾਥ ਮੰਦਰ ਤੱਕ ਯਾਤਰਾ ਕਰਨ ਲਈ ਵੀ ਮੌਜੂਦਾ ਸਮੇਂ ਗੌਰੀਕੁੰਡ ਤੋਂ 16 ਕਿਲੋਮੀਟਰ ਦੀ ਕਠਿਨ ਚੜ੍ਹਾਈ ਕਰਨੀ ਪੈਂਦੀ ਹੈ। ਇਹ ਰੋਪਵੇਅ ਪ੍ਰਾਜੈਕਟ ਸੋਨਪ੍ਰਯਾਗ ਤੋਂ ਕੇਦਾਰਨਾਥ ਤੱਕ ਸਾਰੇ ਮੌਸਮਾਂ ’ਚ ਕਨੈਕਟੀਵਿਟੀ ਨੂੰ ਯਕੀਨੀ ਕਰੇਗੀ ਅਤੇ ਤੀਰਥਯਾਤਰੀਆਂ ਲਈ ਯਾਤਰਾ ਨੂੰ ਸਹੂਲਤਜਨਤਕ ਬਣਾਏਗੀ।



## ਨਾਕਾ ਦੇਖ ਕੇ ਭਜਾਈ ਕਾਰ ਤਾਂ ਪੁਲਿਸ ਨੇ ਵਰ੍ਹਾਈਆਂ ਸਿੱਧੀਆਂ ਗੋਲੀਆਂ, 2 ਗ੍ਰਿਫ਼ਤਾਰ, 2 ਫ਼ਰਾਰ



**ਜਲੰਧਰ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਨੇ ਇਸ ਵੇਲੇ ਨਸ਼ਾ ਤਸਕਰਾਂ ਖ਼ਿਲਾਫ਼ ਮੋਰਚਾ ਖੋਲ੍ਹਿਆ ਹੈ। ਤਸਕਰਾਂ ਦੇ ਘਰਾਂ ਉੱਤੇ ਹੁਣ ਬੁਲਡੋਜ਼ਰ ਐਕਸ਼ਨ ਕੀਤਾ ਜਾ ਰਿਹਾ ਹੈ। ਉੱਥੇ ਹੀ ਹੁਣ ਜਲੰਧਰ ਤੋਂ ਤਸਕਰਾਂ ਤੇ ਪੁਲਿਸ ਵਿਚਾਲੇ ਝੜਪ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ ਜਿਸ ਇਲਾਕੇ ਵਿੱਚ ਇਹ ਘਟਨਾ ਵਾਪਰੀ ਹੈ, ਉਹ ਰਿਹਾਇਸ਼ੀ ਇਲਾਕਾ ਹੈ ਅਤੇ ਨੇੜੇ-ਤੇੜੇ ਵੱਡੀ ਗਿਣਤੀ ਵਿੱਚ ਲੋਕ ਰਹਿੰਦੇ ਹਨ। ਦਰਅਸਲ, ਪੁਲਿਸ ਨੇ ਨਾਕੇ ਦੌਰਾਨ ਨਸ਼ਾ ਤਸਕਰਾਂ ਦੀ ਕਾਰ ਨੂੰ ਰੋਕਿਆ ਚਾਹਿਆ ਤਾਂ ਉਨ੍ਹਾਂ ਨੇ ਕਾਰ ਨਹੀਂ ਰੋਕੀ ਤੇ ਮੌਕੇ ਤੋਂ ਭੱਜਣ ਦੀ ਕੋਸ਼ਿਸ਼ ਕੀਤੀ ਜਿਸ ਤੋਂ ਬਾਅਦ ਪੁਲਿਸ ਨੇ ਉਨ੍ਹਾਂ ਉੱਤੇ ਗੋਲ਼ੀਆਂ ਚਲਾ ਦਿੱਤੀਆਂ। ਮੌਕੇ ’ਤੇ ਮੌਜੂਦ ਲੋਕਾਂ ਅਨੁਸਾਰ ਕੁੱਲ 8 ਗੋਲੀਆਂ ਚਲਾਈਆਂ ਗਈਆਂ। ਕਾਰ ਵਿੱਚ ਕੁੱਲ ਚਾਰ ਲੋਕ ਸਨ। ਪੁਲਿਸ ਵੱਲੋਂ ਦੋ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਦੌਰਾਨ ਦੋ ਵਿਅਕਤੀ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਹੋ ਗਏ।

ਜਾਣਕਾਰੀ ਅਨੁਸਾਰ ਇਹ ਮੁਕਾਬਲਾ ਜਲੰਧਰ ਸਿਟੀ ਪੁਲਿਸ ਦੇ ਸਪੈਸ਼ਲ ਸੈੱਲ ਦੀ ਟੀਮ ਅਤੇ ਨਸ਼ਾ ਤਸਕਰ ਵਿਚਕਾਰ ਹੋਇਆ। ਜਦੋਂ ਪੁਲਿਸ ਤਸਕਰਾਂ ਦਾ ਪਿੱਛਾ ਕਰ ਰਹੀ ਸੀ, ਤਾਂ ਉਨ੍ਹਾਂ ਨੇ ਆਪਣੀ ਕਾਰ ਤੇਜ਼ ਕਰ ਦਿੱਤੀ। ਜਦੋਂ ਪੁਲਿਸ ਨੇ ਉਨ੍ਹਾਂ ਨੂੰ ਰੁਕਣ ਲਈ ਕਿਹਾ ਤਾਂ ਉਨ੍ਹਾਂ ਨੇ ਗੱਡੀ ਹੋਰ ਤੇਜ਼ ਕਰ ਦਿੱਤੀ ਜਿਸ ਤੋਂ ਬਾਅਦ ਪੁਲਿਸ ਨੇ ਗੱਡੀ ਦੇ ਟਾਇਰਾਂ ਵਿੱਚ ਗੋਲ਼ੀਆਂ ਮਾਰਕੇ ਉਨ੍ਹਾਂ ਨੂੰ ਰੋਕਿਆ।

ਇਸ ਦੌਰਾਨ ਕਾਰ ਦਾ ਸ਼ੀਸ਼ਾ ਵੀ ਟੁੱਟ ਗਿਆ ਤੇ ਕਿਹਾ ਜਾ ਰਿਹਾ ਹੈ ਕਿ ਗੋਲ਼ੀਆਂ ਸਿੱਧੀਆਂ ਕਾਰ ਵੱਲ ਚਲਾਈਆਂ ਗਈਆਂ ਸਨ ਜਿਸ ਕਰਕੇ ਕਾਰ ਦਾ ਸ਼ੀਸ਼ਾ ਟੁੱਟ ਗਿਆ ਹੈ। ਕਾਰ ਦੇ ਅੰਦਰ ਇੱਕ ਨਿੱਜੀ ਪੋਰਟਲ ਦਾ ਪ੍ਰੈਸ ਕਾਰਡ ਵੀ ਪਿਆ ਮਿਲਿਆ। ਪੁਲਿਸ ਨੇ ਨਸ਼ਾ ਤਸਕਰ ਸੰਦੀਪ ਉਰਫ਼ ਗਿੰਨੀ, ਜੋ ਕਿ ਜਲੰਧਰ ਦਾ ਰਹਿਣ ਵਾਲਾ ਹੈ, ਅਤੇ ਇੱਕ ਹੋਰ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕੀਤਾ ਹੈ। ਦੋ ਫਰਾਰ ਤਸਕਰਾਂ ਦੀ ਭਾਲ ਇਸ ਸਮੇਂ ਜਾਰੀ ਹੈ। ਉਸਨੂੰ ਹਿਰਾਸਤ ਵਿੱਚ ਲੈਣ ਤੋਂ ਬਾਅਦ, ਪੁਲਿਸ ਉਸਨੂੰ ਸਪੈਸ਼ਲ ਸੈੱਲ ਦੇ ਦਫ਼ਤਰ ਲੈ ਗਈ। ਪੁਲਿਸ ਨੇ ਤਸਕਰਾਂ ਦੀ ਕਾਰ ਨੂੰ ਜ਼ਬਤ ਕਰ ਲਿਆ ਹੈ ਜੋ ਕਿ ਅਪਰਾਧ ਵਾਲੀ ਥਾਂ ’ਤੇ ਨੁਕਸਾਨੀ ਗਈ ਸੀ।

## ਕੇਜਰੀਵਾਲ ਮਨ ਦੀ ਸ਼ਾਂਤੀ ਲਈ ਆਏ ਪੰਜਾਬ ! ਵਿਰੋਧੀ ਬੋਲੇ... 2-2 ਕਰੋੜ ਦੀਆਂ ਕਾਰਾਂ, 100 ਤੋਂ ਵੱਧ ਕਮਾਂਡੋ, ਇੰਝ ਮਿਲੇਗੀ ਸ਼ਾਂਤੀ ?

**ਨਵੀਂ ਦਿੱਲੀ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਪੰਜਾਬ ਫੇਰੀ ਦੌਰਾਨ ਵਿਆਪਕ ਸੁਰੱਖਿਆ ਪ੍ਰਬੰਧਾਂ ’ਤੇ ਸਵਾਲ ਉੱਠੇ ਹਨ। ਉਹ ਮਨ ਦੀ ਸ਼ਾਂਤੀ ਲਈ ਵਿਪਾਸਨਾ ਕਰਨ ਹੁਸ਼ਿਆਰਪੁਰ ਪਹੁੰਚੇ ਹਨ। ਦਿੱਲੀ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਸੁਰੱਖਿਆ ਪ੍ਰਬੰਧਾਂ ’ਤੇ ਸਵਾਲ ਉਠਾਉਂਦੇ ਹੋਏ ਜਨਤਕ ਫੰਡਾਂ ਦੀ ਕਥਿਤ ਦੁਰਵਰਤੋਂ ਨੂੰ ਲੈ ਕੇ ਆਲੋਚਨਾ ਕੀਤੀ। ਉਨ੍ਹਾਂ ਕਿਹਾ, “ਵਿਪਾਸਨਾ ਲਈ ਉਨ੍ਹਾਂ ਦੇ (ਅਰਵਿੰਦ ਕੇਜਰੀਵਾਲ) ਦੇ ਕਾਫਲੇ ਵਿੱਚ 2 ਕਰੋੜ ਰੁਪਏ ਤੋਂ ਵੱਧ ਦੀਆਂ ਕਾਰਾਂ, ਫਾਇਰ ਬ੍ਰਿਗੇਡ, ਐਂਬੂਲੈਂਸ ਤੇ 100 ਤੋਂ ਵੱਧ ਕਮਾਂਡੋ ਹਨ। ਉਹ ਕਿਸ ਤਰ੍ਹਾਂ ਦਾ ਆਮ ਆਦਮੀ ਹੈ ? ਅਰਵਿੰਦ ਕੇਜਰੀਵਾਲ ਪੰਜਾਬ ਦਾ ਪੈਸਾ ਬਰਬਾਦ ਕਰ ਰਿਹਾ ਹੈ।” ਸਿਰਸਾ ਨੇ ਕਿਹਾ ਕਿ ਉਨ੍ਹਾਂ ਦਾ ਮਕਸਦ ‘ਵਿਪਾਸਨਾ’ ਨਹੀਂ ਸਗੋਂ ਮੁੱਖ ਮੰਤਰੀ ਬਣਨ ਦੇ ਆਪਣੇ ਸੁਪਨੇ ਨੂੰ ਪੂਰਾ ਕਰਨਾ ਹੈ, ਲੁਧਿਆਣਾ ਦੇ ਲੋਕ ਸੰਜੀਵ ਅਰੋੜਾ (ਲੁਧਿਆਣਾ ਪੱਛਮੀ ਤੋਂ ਉਮੀਦਵਾਰ) ਨੂੰ ਕਦੇ ਵੀ ਜਿੱਤਣ ਨਹੀਂ ਦੇਣਗੇ। ਕੇਜਰੀਵਾਲ ਮੰਗਲਵਾਰ ਨੂੰ ਪੰਜਾਬ ਦੇ ਹੁਸ਼ਿਆਰਪੁਰ ’ਚ ਇਕ ਗੈਸਟ ਹਾਊਸ ’ਚ ਸਖਤ ਸੁਰੱਖਿਆ ਵਿਚਕਾਰ ਪਹੁੰਚੇ। ਉਨ੍ਹਾਂ ਦਾ ਦੌਰਾ ਆਗਾਮੀ ਜ਼ਿਮਨੀ ਚੋਣ ਤੋਂ ਪਹਿਲਾਂ ਆਇਆ ਹੈ, ਜਿਸ ਦੌਰਾਨ ‘ਆਪ’ ਸੂਬੇ ਵਿੱਚ ਆਪਣੀ ਮੌਜੂਦਗੀ ਨੂੰ ਮਜ਼ਬੂਤ ? ?ਕਰਨ ’ਤੇ ਧਿਆਨ ਕੇਂਦਰਿਤ ਕਰ ਰਹੀ ਹੈ। ‘ਆਪ’ ਦੇ ਸੰਜੀਵ ਅਰੋੜਾ ਲੁਧਿਆਣਾ ਪੱਛਮੀ ਉਪ ਚੋਣ ਲੜਨਗੇ, ਇਹ ਸੀਟ ਪਿਛਲੇ ਮਹੀਨੇ ‘ਆਪ’ ਵਿਧਾਇਕ ਗੁਰਪ੍ਰੀਤ ਗੋਗੀ ਦੇ ਦੇਹਾਂਤ ਤੋਂ ਬਾਅਦ ਖਾਲੀ ਹੋਈ ਸੀ। ਗੌ.ਰਤਲਬ ਹੈ ਕਿ ਅਰੋੜਾ ਦੀ ਨਾਮਜ਼ਦਗੀ ਨੇ ਅਰਵਿੰਦ ਕੇਜਰੀਵਾਲ ਦੀ ਰਾਜ ਸਭਾ ਵਿੱਚ ਸੰਭਾਵਿਤ ਐਂਟਰੀ ਨੂੰ ਲੈ ਕੇ ਚਰਚਾ ਛੇੜ ਦਿੱਤੀ ਹੈ। ਇਸ ਤੋਂ ਪਹਿਲਾਂ ਸੋਮਵਾਰ ਨੂੰ ‘ਆਪ’ ਦੇ ਸੰਸਦ ਮੈਂਬਰ ਸੰਜੀਵ ਅਰੋੜਾ ਨੇ ਹਾਲਾਂਕਿ ਪਾਰਟੀ ਦੀਆਂ ਯੋਜਨਾਵਾਂ ਖਾਸ ਤੌਰ ’ਤੇ ਅਰਵਿੰਦ ਕੇਜਰੀਵਾਲ ਦੇ ਰਾਜ ਸਭਾ ਵਿੱਚ ਜਾਣ ਦੇ ਸੰਭਾਵੀ ਕਦਮ ਬਾਰੇ ਕਿਆਸਾਂ ਨੂੰ ਹਵਾ ਦਿੱਤੀ। ਅਰੋੜਾ ਮੁਤਾਬਕ ਪੰਜਾਬ ਤੋਂ ਰਾਜ ਸਭਾ ’ਚ ‘ਆਪ’ ਦੇ ਸੱਤ ਸੰਸਦ ਮੈਂਬਰ ਲੋੜ ਪੈਣ ’ਤੇ ਕੇਜਰੀਵਾਲ ਲਈ ਆਪਣੀਆਂ ਸੀਟਾਂ ਖਾਲੀ ਕਰਨ ਲਈ ਤਿਆਰ ਹਨ। ਹਾਲਾਂਕਿ ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ ਕੇਜਰੀਵਾਲ ਨੇ ਫਿਲਹਾਲ ਰਾਜ ਸਭਾ ਵਿੱਚ ਸ਼ਾਮਲ ਹੋਣ ਵਿੱਚ ਕੋਈ ਦਿਲਚਸਪੀ ਨਹੀਂ ਦਿਖਾਈ ਹੈ। ਇਸੇ ਤਰ੍ਹਾਂ ਕਾਂਗਰਸ ਦੇ ਸੀਨੀਅਰ ਲੀਡਰ ਸੁਖਪਾਲ ਸਿੰਘ ਖਹਿਰਾ ਨੇ ਵੀ ਸਵਾਲ ਉਠਾਏ। ਉਨ੍ਹਾਂ ਨੇ ਕਿਹਾ ਕਿ ਕੇਜਰੀਵਾਲ ਨਾ ਕੋਈ ਵਿਧਾਇਕ ਹੈ, ਨਾ ਐਮਪੀ ਤਾਂ ਫਿਰ ਉਨ੍ਹਾਂ ਦੀ ਸੁਰੱਖਿਆ ਉਪਰ ਪੰਜਾਬ ਦਾ ਪੈਸਾ ਕਿਉਂ ਬਰਬਾਦ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਕੇਜਰੀਵਾਲ 34 ਸਰਕਾਰੀ ਗੱਡੀਆਂ ਲੈ ਕੇ ਮਨ ਦੀ ਸ਼ਾਂਤੀ ਲਈ ਵਿਪਾਸਨਾ ਕਰਨ ਆਏ ਹਨ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net





ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



**ਆਵਾਜ਼ਿ ਕੌਮ**
Daily Newspaper from U.K.



Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsal uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫਤਹਿ | ਅੰਮ੍ਰਿਤ ਛਕੋ ਸਿੰਘ ਸਜੋ - ਨਸ਼ੇ ਛੱਡੋ ਕੋਹੜ ਵੱਡੋ | ਪੰਥ ਕੀ ਜੀਤ

## ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਤਿੰਨ ਰੋਜ਼ਾ

# ਮਹਾਨ ਗੁਰਮਤਿ ਸਮਾਗਮ

ਗੁਰਦੁਆਰਾ ਸ੍ਰੀ ਨਾਮਦੇਵ ਭਵਨ, ਅਕਾਲਸਰ ਰੋਡ, ਮੋਗਾ ਵਿਖੇ ਮਿਤੀ 25-26-27 ਮਾਰਚ, 2025 ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਸ਼ਾਮ 6.00 ਤੋਂ 9.15 ਵਜੇ ਤੱਕ ਦੀਵਾਨ ਸਜਾਏ ਜਾਣਗੇ । ਜਿਸ ਵਿੱਚ ਪੰਥ ਦੇ ਮਹਾਨ ਕੀਰਤਨ, ਕਥਾ ਵਾਚਕ, ਢਾਡੀ, ਕਵਿਸ਼ਰੀ ਸਿੰਘ ਹਾਜ਼ਰੀਆਂ ਭਰਨਗੇ ਇਸ ਹੋ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ ।

**ਮਿਤੀ 25 ਮਾਰਚ, 2025**
ਦਿਨ ਮੰਗਲਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਕਥਾ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਨਿਰਮਲ ਸਿੰਘ ਧੂਲਕੋਟ)

**ਮਿਤੀ 26 ਮਾਰਚ, 2025**
ਦਿਨ ਬੁੱਧਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਭਾਈ ਸੁਖਵਿੰਦਰ ਸਿੰਘ ਢਾਡੀ ਜੱਥਾ)

**ਮਿਤੀ 27 ਮਾਰਚ, 2025**
ਦਿਨ ਵੀਰਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਛੱਲਾ)






ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਛੱਲਾ



ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ

ਅੰਮ੍ਰਿਤ ਛਕੋ ਸਿੰਘ ਸਜੋ - ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ
ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦੇ ਪੁੱਤਰੋ ਧੀਓ ਅੰਮ੍ਰਿਤ ਧਾਰੀ ਹੋ ਕੇ ਜੀਓ।

ਮਿਤੀ 28 ਮਾਰਚ, 2025 ਦਿਨ ਸ਼ੁਕਰਵਾਰ ਨੂੰ ਸਵੇਰੇ 11:30 ਵਜੇ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ। ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ਕਕਾਰਾਂ ਦੀ ਸੇਵਾ ਫਰੀ ਕੀਤੀ ਜਾਵੇਗੀ।

ਵਧੇਰੇ ਜਾਣਕਾਰੀ ਲਈ ਸੰਪਕਰ ਕਰੋ :
ਭਾਈ ਗੁਰਮੀਤ ਸਿੰਘ ਸਲੀਣਾ (UK) 73409-17046
ਭਾਈ ਹਰਮੇਲ ਸਿੰਘ ਮੋਗਾ 94171-39213

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਵੱਲੋਂ : ਗੁਰਦੁਆਰਾ ਨਾਮਦੇਵ ਭਵਨ ਪ੍ਰਬੰਧਕੀ ਕਮੇਟੀ, ਮੋਗਾ
ਮੋ: 99156-86386

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫਤਿਹ ॥

# 6 ਮਾਰਚ ਦਿਨ ਵੀਰਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ



ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੂੰ ਬੇਨਤੀ ਹੈ ਕਿ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਜੀਆਂ ਦੇ ਹੁਕਮ ਅਨੁਸਾਰ ਹਰੇਕ ਮਹੀਨੇ ਜੋ ਗੁਰੂ ਰਾਮਦਾਸ ਸਾਹਿਬ ਮਹਾਰਾਜ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਂਦੀ ਹੈ,ਇਸ ਵਾਰ 6 ਮਾਰਚ ਦਿਨ ਵੀਰਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

**ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੇ ਸਮੇਂ ਸਿਰ ਪਹੁੰਚ ਕੇ ਹੱਥੀਂ ਸੇਵਾ ਕਰਕੇ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ**




ਜੱਥੇਦਾਰ ਦਲੀਪ ਸਿੰਘ ਚਕਰ
ਆਲ ਇੰਡੀਆ ਕਨਵੀਨਰ
ਇੰਟਰਨੈਸ਼ਨਲ ਪੰਥਕ ਦਲ

★ ਬੇਨਤੀ ਕਰਤਾ ★

**ਜੱਥੇਦਾਰ ਦਲੀਪ ਸਿੰਘ ਚਕਰ**
**ਆਲ ਇੰਡੀਆ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ**

ਆਵਾਜ਼ਿ ਕੌਮ AWAZE QAUM International Newspaper & WEB TV

## "ਹਕੂਮਤ-ਏ-ਹਿੰਦ ਨਾਲ ਟੱਕਰ ਲੈਣ ਲਈ ਮੈਂ ਐਨਾ ਹੀ ਕਰ ਸਕਿਆ, ਮੇਰਾ ਐਨਾ ਕੁ ਹਿੱਸਾ ਕਬੂਲ ਕਰਿਓ!"



ਸਿੱਖ ਨਜ਼ਰਬੰਦਾਂ ਨੂੰ ਰਿਹਾਅ ਕਰਾਉਣ ਲਈ ਆਪਣਾ ਆਪਾ ਕੁਰਬਾਨ ਕਰਨ ਵਾਲੇ ਬਜੁਰਗ ਟਕਸਾਲੀ ਅਕਾਲੀ ਬਾਪੂ ਸੂਰਤ ਸਿੰਘ ਦੀਆਂ ਅਸਥੀਆਂ ਨੂੰ ਕੀਰਤਪੁਰ ਸਾਹਿਬ, ਪੰਜਾਬ ਵਿਖੇ ਜਲ ਪਰਵਾਹ ਕੀਤਾ ਜਾਵੇਗਾ। ਇਸ ਸਬੰਧੀ ਉਹਨਾਂ ਦੇ ਨਮਿਤ ਸ੍ਰੀ ਗੁਰੂ ਗਰੰਥ ਸਾਹਿਬ ਦਾ ਪਾਠ ਮਿਤੀ 7 ਮਾਰਚ ਦਿਨ ਸ਼ੁਕਰਵਾਰ ਨੂੰ ਉਹਨਾਂ ਦੇ ਜੱਦੀ ਪਿੰਡ ਹਸਨਪੁਰ (ਫਿਰੋਜ਼ਪੁਰ ਰੋਡ, ਜਿਲ੍ਹਾ ਲੁਧਿਆਣਾ) ਵਿਖੇ ਪ੍ਰਕਾਸ਼ ਹੋਵੇਗਾ। ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਮਿਤੀ 9 ਮਾਰਚ ਦਿਨ ਐਤਵਾਰ ਨੂੰ ਸਵੇਰੇ 10 ਵਜੇ ਪਵੇਗਾ। ਸ਼ਰਧਾਂਜਲੀ ਸਮਾਗਮ ਉਪਰੰਤ ਬਾਪੂ ਸੂਰਤ ਸਿੰਘ ਦੀਆਂ ਅਸਥੀਆਂ ਨੂੰ ਜਲ ਪ੍ਰਵਾਹ ਲਈ ਕਾਫਲੇ ਦੇ ਰੂਪ 'ਚ ਕੀਰਤਪੁਰ ਸਾਹਿਬ ਵਿਖੇ ਲਿਜਾਇਆ ਜਾਵੇਗਾ।

ਸਮੂਹ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵਿਛੜੇ ਕੌਮੀ ਆਗੂ ਨੂੰ ਸ਼ਰਧਾਂਜਲੀ ਦੇਣ ਲਈ ਮਿਤੀ 9 ਮਾਰਚ ਦਿਨ ਐਤਵਾਰ ਨੂੰ ਪਿੰਡ ਹਸਨਪੁਰ (ਫ਼ਿਰੋਜ਼ਪੁਰ ਰੋਡ) ਜ਼ਿਲ੍ਹਾ ਲੁਧਿਆਣਾ ਵਿਖੇ ਪਹੁੰਚੋ ਜੀ!

ਵਧੇਰੇ ਜਾਣਕਾਰੀ ਲਈ ਸੰਪਰਕ: 98557 25313

ਆਵਾਜ਼ਿ ਕੌਮ
AWAZE QAUM
International Newspaper & WEB TV




### ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਦੇ ਸਾਹਿਤਕ ਕਲੱਬ ਵੱਲੋਂ

# ਵਿਦਿਆਰਥੀਆਂ ਦੀ ਪ੍ਰਤਿਭਾ ਵਿਕਾਸ ਲਈ ਕਰਵਾਏ ਸਾਹਿਤਕ ਮੁਕਾਬਲੇ

ਤਲਵੰਡੀ ਸਾਬੋ, 05 ਮਾਰਚ (ਗੁਰਜੰਟ ਸਿੰਘ ਨਥੇਹਾ)- ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਦੇ ਸਾਹਿਤਕ ਕੱਲਬ ਵੱਲੋਂ ਪਿਛਲੇ ਦਿਨੀਂ ਵਿਦਿਆਰਥੀਆਂ ਦੀਆਂ ਸਾਹਿਤਕ ਰੁੱਚੀਆਂ ਪ੍ਰਤੀ ਜਾਗਰੂਕਤਾ ਅਤੇ ਵਿਕਾਸ ਕਰਨ ਦੇ ਮਕਸਦ ਨਾਲ ਸਾਹਿਤਕ ਗਤੀਵਿਧੀਆਂ ਮੁਕਾਬਲੇ ਕਰਵਾਏ ਗਏ। ਇਸ ਇੱਕ ਰੋਜ਼ਾ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਦੇ ਬੌਧਿਕ, ਵਿਸ਼ਾ ਗਿਆਨ, ਵਿਸਲੇਸ਼ਣ ਅਤੇ ਰਚਨਾਤਕਮ ਗਿਆਨ ਵਿਕਸਤ

ਆਵਾਜ਼ਿ ਕੌਮ AWAZE QAUM
International Newspaper & WEB TV

ਕਰਨ ਲਈ ਦੋਹਾਂ ਲਿਖਤੀ ਅਤੇ ਮੌਖਿਕ ਕਿਰਿਆਵਾਂ ਦਾ ਆਯੋਜਨ ਕਰਵਾਇਆ ਗਿਆ ਜਿਹਨਾਂ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਵਿਭਾਗ ਮੁਖੀ ਪ੍ਰੋ. (ਡਾ.) ਸਿੰਪਲ ਜਿੰਦਲ ਵੱਲੋਂ ਵਿਦਿਆਰਥੀਆਂ ਨੂੰ ਸੰਬੋਧਤ ਕਰਦਿਆਂ ਕਿਹਾ ਕਿ ਇਸ ਤਰਾਂ ਦੀਆਂ ਗਤੀਵਿਧੀਆਂ ਨਾਲ ਉਹਨਾਂ ਦੀ ਸਿੱਖਣ-ਯੋਗਤਾ ਵੱਧਦੀ ਹੈ ਅਤੇ ਉਹਨਾਂ ਨੇ ਵਿਦਿਆਰਥੀਆਂ ਨੂੰ ਇਹੋ ਜਿਹੀਆਂ ਗਤੀਵਿਧੀਆਂ ਵਿੱਚ ਵਧ-ਚੜ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਕੈਂਪਸ ਡਾਇਰੈਕਟਰ ਪ੍ਰੋ. ਕੰਵਲਜੀਤ ਸਿੰਘ ਵੱਲੋ ਜੇਤੂ ਵਿਦਿਆਰਥੀਆਂ ਦਾ ਮਾਰਗ ਦਰਸ਼ਨ ਕਰਦੇ ਹੋਏ ਕਿਹਾ ਕਿ ਵਿਦਿਆਰਥੀਆਂ ਕੋਲ ਵੱਧ ਤੋ ਵੱਧ ਸ਼ਬਦਾਂ ਦਾ ਭੰਡਾਰ ਹੋਣਾ ਚਾਹੀਦਾ ਹੈ ਤਾਂ ਜੋ ਉਹ ਵਧੀਆ ਲਿਖ ਬੋਲ ਸਕਣ। ਅਖੀਰ ਵਿੱਚ ਸਾਹਿਤਕ ਕਲੱਬ ਪ੍ਰਧਾਨ ਪ੍ਰੋ. ਸੁਮੀਤ ਕੌਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਸਾਹਿਤਕ ਕਲੱਬ ਦੇ ਯੋਗਦਾਨ



ਤੇ ਰੌਸ਼ਨੀ ਪਾਉਂਦਿਆ ਉਹਨਾਂ ਦੱਸਿਆ ਗਿਆ ਕਿ ਇਸਦਾ ਉਦੇਸ਼ ਵਿਦਿਆਰਥੀਆਂ ਵਿੱਚ ਲਿਖਣ ਪੜਨ ਦੀ ਰੁਚੀ ਉਜਾਗਰ ਕਰਨ ਦੇ ਨਾਲ ਨਾਲ ਵਿਦਿਆਰਥੀਆਂ ਵਿੱਚ ਸੁਚੱਜੇ ਭਾਸ਼ਾ ਗਿਆਨ, ਬੋਲ ਚਾਲ ਦਾ ਸਲੀਕਾ ਅਤੇ ਆਤਮ ਵਿਸਵਾਸ਼ ਪੈਦਾ ਕਰਨਾ ਹੈ। ਉਹਨਾਂ ਇਹ ਵੀ ਕਿਹਾ ਕਿ ਉਪਰੋਕਤ ਗੁਣ ਨਾ ਸਿਰਫ਼ ਵਿਦਿਆਰਥੀਆਂ ਦੀ ਨਿੱਜੀ ਸਖਸ਼ੀਅਤ ਨੂੰ ਨਿਖਾਰਣ ਵਿੱਚ ਸਹਾਇਕ ਹੋਣਗੇ ਬਲਕਿ ਅੱਗੇ ਜਾ ਕੇ ਉਹਨਾਂ ਦੇ ਰੋਜਗਾਰ ਦੇ ਮੌਕੇ ਅਤੇ ਜਿੰਦਗੀ ਦੇ ਹਰ ਖੇਤਰ ਵਿੱਚ ਮਦਦਗਾਰ ਵੀ ਸਾਬਿਤ ਹੋਣਗੇ। ਇਸ ਸਮਾਗਮ ਨੂੰ ਵਿਉਂਤਬੰਧ ਅਤੇ ਸੁੱਚਜੇ ਢੰਗ ਨਾਲ ਨੇਪਰੇ ਚੜਾਉਣ ਲਈ ਉਹਨਾਂ ਸਮੂਹ ਅਧਿਆਪਕ, ਸਟਾਫ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਅੰਤ ਵਿੱਚ ਕੈਂਪਸ ਦੇ ਡਾਇਰੈਕਟਰ ਅਤੇ ਵਿਭਾਗ ਦੇ ਮੁਖੀ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ। ਇਨ੍ਹਾ ਮੁਕਾਬਲਿਆਂ ਵਿੱਚ ਅੰਗਰੇਜੀ, ਪੰਜਾਬੀ ਅਤੇ ਹਿੰਦੀ ਭਾਸ਼ਾ ਵਿੱਚ ਕ੍ਰਮਵਾਰ ਜਸਪਿੰਦਰ ਸਿੰਘ ਬੀ.ਟੈੱਕ ਛੇਵਾਂ ਸਮੈਸਟਰ, ਆਸ਼ੂ ਸ਼ਰਮਾ ਬੀਟੈੱਕ ਭਾਗ ਦੂਸਰਾ ਅਤੇ ਗੁਰਆਸ਼ੀਸ਼ ਕੌਰ ਬੀਟੈੱਕ ਭਾਗ ਦੂਸਰਾ ਜੇਤੂ ਰਹੇ। ਮੌਖਿਕ ਮੁਕਾਬਲਿਆਂ ਵਿਚੋਂ ਸ਼ੁਭਨੀਤ ਸਿੰਘ ਬੀਟੈੱਕ ਛੇਵਾਂ ਸਮੈਸਟਰ ਜੇਤੂ ਰਹੇ।

ਭਾਈ ਦਲਜੀਤ ਸਿੰਘ ਜੀ ਮੁੱਠਿਆਂਵਾਲਿਆ ਦੇ ਗ੍ਰਹਿ ਵਿਖੇ

# ਸ੍ਰੀ ਸੁਖਮਨੀ ਸਾਹਿਬ ਦੇ ਜਾਪ ਹੋਏ











**(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਇੰਟਰਨੈਸ਼ਨਲ ਪੰਥਕ ਦਲ ਜ਼ਿਲ੍ਹਾ ਤਰਨਤਾਰਨ ਬਲਾਕ ਵਲਟੋਹਾ ਦੇ ਪ੍ਰਧਾਨ ਭਾਈ ਦਲਜੀਤ ਸਿੰਘ ਜੀ ਮੁੱਠਿਆਂ ਵਾਲਾ ਦੇ ਗ੍ਰਹਿ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕਰਵਾਏ ਗਏ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਵਿਸ਼ੇਸ਼ ਤੌਰ ਤੇ ਹਾਜਰੀ ਭਰੀ ਗਈ ਜਿਸ ਵਿੱਚ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਚੀਫ ਐਡਵਾਈਜ਼ਰ ਪੰਜਾਬ ਅਤੇ ਭਾਈ ਗੁਰਭੇਜ ਸਿੰਘ ਜੀ ਜਿਲ੍ਹਾ ਪ੍ਰਧਾਨ ਤਰਨ ਤਾਰਨ ਵਿਸ਼ੇਸ਼ ਤੌਰ ਤੇ ਪਹੁੰਚੇ। ਭਾਈ ਦਲਜੀਤ ਸਿੰਘ ਜੀ ਵੱਲੋਂ ਪਹੁੰਚੇ ਪਤਵੰਤਿਆਂ ਦਾ ਸਿਰਪਾਓ ਦੇ ਕੇ ਸਨਮਾਨ ਕੀਤਾ ਤੇ ਜੀ ਆਇਆ ਕਿਹਾ।ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ ਅਤੇ ਬੇਅੰਤ ਸੰਗਤਾਂ ਨੇ ਹਾਜ਼ਰੀਆਂ ਭਰੀਆਂ।ਇਸ ਮੌਕੇ ਬਾਬਾ ਕੁਲਵੰਤ ਸਿੰਘ ਜੀ ਗ੍ਰੰਥੀ, ਸ੍ਰ ਦਰਸ਼ਨ ਸਿੰਘ, ਸ੍ਰ ਪ੍ਰਤਾਪ ਸਿੰਘ ਸਾਬਕਾ ਸਰਪੰਚ, ਸਰਦਾਰ ਮੋਹਨ ਸਿੰਘ, ਡਾਕਟਰ ਸਾਹਿਬ ਸਿੰਘ ਪ੍ਰਧਾਨ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਕੈਬਿਨੇਟ ਵਿਚ ਮੰਤਰੀ ਬਣਨ ਵਾਲੇ ਆਸੀਸ ਸੂਦ ਨੂੰ ਪਰਮਜੀਤ ਸਿੰਘ ਵੀਰਜੀ ਵਲੋਂ ਦਸਤਾਰ ਸਜਾ ਕੇ ਕੀਤਾ ਗਿਆ ਸਨਮਾਨਿਤ

## ਸਿੱਖਾਂ ਦੇ ਮਸਲਿਆਂ ਨੂੰ ਦਿੱਲੀ ਸਰਕਾਰ ਪਹਿਲ ਦੇ ਆਧਾਰ ਤੇ ਕਰਵਾਏਗੀ ਹਲ : ਆਸੀਸ ਸੂਦ ਕੈਬਿਨੇਟ ਮੰਤਰੀ



ਨਵੀਂ ਦਿੱਲੀ 5 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਰਕਾਰ ਵਿੱਚ ਕੈਬਿਨਟ ਮਿਨਿਸਟਰ ਬਣਨ ਤੇ ਸ੍ਰੀ ਅਸੀਸ ਸੂਦ ਜੀ ਦਾ ਸਵਾਗਤ ਸਰਦਾਰ ਪਰਮਜੀਤ ਸਿੰਘ ਵੀਰਜੀ, ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਸਾਬਕਾ ਧਰਮ ਪ੍ਰਚਾਰ ਦਿੱਲੀ ਕਮੇਟੀ ਦੇ ਚੇਅਰਮੈਨ ਨੇ ਕੀਤਾ। ਇਸ ਮੌਕੇ ਸ਼ਿਵ ਨਗਰ, ਵਰਿੰਦਰ ਨਗਰ ਵਿੱਚ ਉਨ੍ਹਾਂ ਨੂੰ ਸਨਮਾਨਿਤ ਕਰਣ ਲਈ ਇੱਕ ਅਭਿਨੰਦਨ ਸਮਾਰੋਹ ਕੀਤਾ ਗਿਆ ਜਿਸ ਵਿੱਚ ਸਿੱਖ ਸੰਗਤਾਂ ਵੱਲੋਂ ਅਸੀਸ ਸੂਦ ਨੂੰ ਦਸਤਾਰ ਸਜਾ ਕੇ ਸਿੱਖੀ ਮਸਲੇ ਹੱਲ ਕਰਨ ਦੀ ਅਪੀਲ ਕੀਤੀ ਗਈ। ਸੰਗਤਾਂ ਦੇ ਸਨਮੁੱਖ ਹੁੰਦਿਆਂ ਕੈਬਿਨੇਟ ਮੰਤਰੀ ਅਸੀਸ ਸੂਦ ਨੇ ਦਿੱਲੀ ਦੇ ਸਿੱਖਾਂ ਨੂੰ ਭਰੋਸਾ ਦਵਾਇਆ ਕਿ ਸਿੱਖਾਂ ਵਲੋਂ ਜੋ ਵੀ ਮਸਲੇ ਅਤੇ ਕੰਮ ਦਿੱਲੀ ਸਰਕਾਰ ਕੋਲ ਲਿਆਂਦਾ ਜਾਵੇਗ ਉਨ੍ਹਾਂ ਨੂੰ ਪਹਿਲ ਦੇ ਆਧਾਰ ਤੇ ਹਲ ਕੀਤਾ ਜਾਏਗਾ। ਕੈਬਿਨੇਟ ਮੰਤਰੀ ਅਸੀਸ ਸੂਦ ਨੇ ਸਮਾਰੋਹ ਵਿਚ ਪਹੁੰਚੀਆਂ ਸਾਰੀਆਂ ਸਿੱਖ ਸੰਗਤਾਂ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਤੇ ਸਿੱਖਾਂ ਨਾਲ ਖੜੇ ਹੋਣ ਦਾ ਵਾਅਦਾ ਵੀ ਕੀਤਾ । ਇਸ ਮੌਕੇ ਸੁਰਜੀਤ ਸਿੰਘ ਦੁੱਗਲ, ਅਮਰਜੀਤ ਸਿੰਘ ਹੀਰਾ,ਦਲਜੀਤ ਸਿੰਘ ਨੰਦਾ ਤਰੁਣਪ੍ਰੀਤ ਸਿੰਘ ਭਾਟੀਆ, ਇੰਦਰਪਾਲ ਸਿੰਘ ਜੱਗੀ, ਬਾਵਾ ਸਾਹਨੀ, ਮਨਜੀਤ ਸਿੰਘ, ਕਰਨੈਲ ਸਿੰਘ ਫਲੋਰਾ, ਧਰਮ ਸਿੰਘ ਭੰਮਰਾ, ਸੁਰਜੀਤ ਸਿੰਘ ਸਿਆਨ, ਜਸਵਿੰਦਰ ਸਿੰਘ, ਬਲਵਿੰਦਰ ਸਿੰਘ ਅਤੇ ਦਰਪ੍ਰੀਤ ਸਿੰਘ ਸਮੇਤ ਵਡੀ ਗਿਣਤੀ ਅੰਦਰ ਸੰਗਤਾਂ ਹਾਜਿਰ ਸਨ । ਜਿਕਰਯੋਗ ਹੈਂ ਕਿ ਪੰਜਾਬੀ ਭਾਈਚਾਰੇ ਤੋਂ ਆਉਣ ਵਾਲੇ ਆਸ਼ੀਸ਼ ਸੂਦ ਨੂੰ ਭਾਜਪਾ ਪਾਰਟੀ ਵਿੱਚ ਕੰਮ ਕਰਨ ਦਾ ਕਾਫ਼ੀ ਤਜਰਬਾ ਹੈ। ਉਸਨੇ ਗੋਆ ਅਤੇ ਜੰਮੂ-ਕਸ਼ਮੀਰ ਵਰਗੇ ਰਾਜਾਂ ਵਿੱਚ ਪਾਰਟੀ ਲਈ ਵੀ ਕੰਮ ਕੀਤਾ ਹੈ, ਅਤੇ ਵਰਤਮਾਨ ਵਿੱਚ ਗੋਆ ਭਾਜਪਾ ਇਕਾਈ ਦੇ ਇੰਚਾਰਜ ਹਨ। ਦਿੱਲੀ ਵਿੱਚ ਆਸ਼ੀਸ਼ ਸੂਦ ਨੂੰ ਗ੍ਰਹਿ, ਬਿਜਲੀ ਅਤੇ ਸ਼ਹਿਰੀ ਵਿਕਾਸ ਦਾ ਮੰਤਰਾਲੇ ਦਿੱਤਾ ਗਿਆ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

# ਨਹੀ ਰਹੇ ਜਥੇਦਾਰ ਤਰਸੇਮ ਸਿੰਘ ਤਾਹਪੁਰ, ਮਾਸਟਰ ਪੁਸਤਕ ਭੰਡਾਰਵਾਲੇ



**ਚੌਕ ਮਹਿਤਾ, 5 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਾਡੇ ਬਹੁਤ ਹੀ ਸਤਿਕਾਰਯੋਗ ਇਲਾਕੇ ਦੇ ਜਾਣੇ ਪਹਿਚਾਣੇ ਨਾਮਵਰ ਸਖਸੀਅਤ ਮਹਿਤਾ ਚੌਕ ਦੀ ਮਸਹੂਰ ਦੁਕਾਨਾਂ ਮਾਸਟਰ ਪੁਸਤਕ ਭੰਡਾਰ ਦੇ ਮਾਲਕ ਬਲਜਿੰਦਰ ਸਿੰਘ ਰਾਜੂ,ਜਗਜੀਤ ਸਿੰਘ ਮਿੰਟੂ ਦੇ ਪਿਤਾ ਜੀ ਜਥੇਦਾਰ ਤਰਸ਼ੇਮ ਸਿੰਘ ਜੀ ਤਾਹਰਪੁਰ ਵਾਲੇ ਅੱਜ ਸਾਮ ਅਚਾਨਕ ਦਿਲ ਦਾ ਦੋਰਾ ਪੈਣ ਕਾਰਨ ਅਕਾਲ ਚਲਾਣਾ ਗਏ ਹਨ।ਜਥੇਦਾਰ ਤਰਸ਼ੇਮ ਸਿੰਘ ਜੀ ਦੇ ਅਕਾਲ ਚਲਾਣੇ ਨਾਲ ਜਿਥੇ ਪਰਿਵਾਰ ਨੂੰ ਅਸਹਿ ਸਦਮਾਂ ਲੱਗਾ ਹੈ ਉਥੇ ਸਮਾਜ ਅੰਦਰ ਸੱਜ਼ਣ ਸਨੇਹੀਆ ਸਿਆਸੀ ਤੇ ਧਾਰਮਿਕ ਸਫਾ ਅੰਦਰ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਵਿਦੇਸ਼ ਰਹਿੰਦੇ ਪੋਤਰੇ ਅਤੇ ਦੂਰ ਰਹਿੰਦੇ ਰਿਸਤੇਦਾਰਾਂ ਦੀ ਉਡੀਕ ਕਾਰਨ ਜਥੇਦਾਰ ਤਰਸੇਮ ਸਿੰਘ ਜੀ ਦਾ ਅੰਤਿਮ ਸਸਕਾਰ ਮਿਤੀ 6/3/25 ਦਿਨ ਵੀਰਵਾਰ ਨੂੰ ਸਵੇਰੇ 10 ਵਜ਼ੇ ਦੇ ਕਰੀਬ ਮਹਿਤਾ ਪਿੰਡ ਦੇ ਸਮਸਾਨਘਾਟ ਵਿਖੇ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸਿੰਘ ਸਾਹਿਬ ਜੀ ਨੇ ਹਜ਼ੂਰ ਸਾਹਿਬ ਦੇ ਤਖ਼ਤ ਤੋਂ ਕਥਾ ਕਰਦਿਆਂ

# ਅੰਮ੍ਰਿਤ ਛਕਣ ਦੀ ਸੰਗਤਾਂ ਨੂੰ ਪ੍ਰੇਰਨਾ ਕੀਤੀ

## ਨਨਕਾਣਾ ਸਾਹਿਬ ਯਾਤਰਾ ਕਮੇਟੀ ਦਾ ਜਥਾ ਸੱਚਖੰਡ ਹਜ਼ੂਰ ਸਾਹਿਬ ਵਿਖੇ ਨਤਮਸਤਕ ਹੋਇਆ











(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਸ੍ਰੀ ਨੰਦੇੜ ਸਾਹਿਬ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਨੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀਆਂ ਮਹਾਨ ਬਖਸ਼ਿਸ਼ਾਂ ਨਾਲ ਨਿਵਾਜੇ ਸਿੱਖਾਂ ਦੇ ਮੁਕੱਦਸ ਅਸਥਾਨ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਿਚਲ ਨਗਰ ਨੰਦੇੜ ਵਿਖੇ ਅੰਮ੍ਰਿਤ ਵੇਲੇ ਗੁਰਬਾਣੀ ਕਥਾ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸਿੰਘ ਸਾਹਿਬ ਜੀ ਨਨਕਾਣਾ ਸਾਹਿਬ ਯਾਤਰਾ ਕਮੇਟੀ ਜਥੇ ਨਾਲ ਦਰਸ਼ਨ ਕਰ ਰਹੀਆਂ ਦੇਸ-ਵਿਦੇਸ਼ ਦੀਆਂ ਸੰਗਤਾਂ ਸਮੇਤ ਦਰਸ਼ਨ ਕਰਨ ਲਈ ਸ੍ਰੀ ਹਜ਼ੂਰ ਸਾਹਿਬ ਵਿਖੇ ਪਹੁੰਚੇ। ਜਿੱਥੇ ਗੁਰਦੁਆਰਾ ਸ੍ਰੀ ਲੰਗਰ ਸਾਹਿਬ ਦੇ ਮੁੱਖ ਸੇਵਾਦਾਰ ਕਾਰ ਸੇਵਾ ਵਾਲੇ ਮਹਾਂਪੁਰਖਾਂ ਬਾਬਾ ਬਲਵਿੰਦਰ ਸਿੰਘ ਜੀ ਅਤੇ ਬਾਬਾ ਨਰਿੰਦਰ ਸਿੰਘ ਜੀ ਨੇ ਉਨ੍ਹਾਂ ਨੂੰ ਜੀ ਆਇਆਂ ਆਖਿਆ ਅਤੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸਾਹਿਬਾਨ ਬਾਬਾ ਕੁਲਵੰਤ ਸਿੰਘ ਜੀ, ਬਾਬਾ ਰਾਮ ਸਿੰਘ ਜੀ, ਹਜ਼ੂਰੀ ਕਥਾਵਾਚਕ ਗਿਆਨੀ ਸੁਖਵਿੰਦਰ ਸਿੰਘ ਜੀ ਅਤੇ ਸਮੁੱਚੇ ਹਜ਼ੂਰੀ ਸੇਵਾਦਾਰਾਂ ਵੱਲੋਂ ਸਿੰਘ ਸਾਹਿਬ ਜੀ ਦਾ ਨਿੱਘਾ ਸਵਾਗਤ ਕਰਦਿਆਂ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਸਿੰਘ ਸਾਹਿਬ ਜੀ ਨੇ ਬਾਬਾ ਨਰਿੰਦਰ ਸਿੰਘ ਜੀ ਕਾਰ ਸੇਵਾ ਵਾਲਿਆਂ ਦੀ ਸਿਹਤਯਾਬੀ ਬਾਰੇ ਹਾਲਚਾਲ ਪੁੱਛਿਆ। ਨਨਕਾਣਾ ਸਾਹਿਬ ਯਾਤਰਾ ਕਮੇਟੀ ਵੱਲੋਂ ਹਜ਼ੂਰ ਸਾਹਿਬ ਦੇ ਨੇੜਲੇ ਸਮੁੱਚੇ ਗੁਰ ਅਸਥਾਨਾਂ ਗੁਰਦੁਆਰਾ ਮਾਲ ਟੇਕੜੀ ਸਾਹਿਬ, ਗੁਰਦੁਆਰਾ ਨਾਨਕਸਰ ਸਾਹਿਬ, ਗੁਰਦੁਆਰਾ ਰਤਨਗੜ੍ਹ ਸਾਹਿਬ, ਗੁਰਦੁਆਰਾ ਸ਼ਿਕਾਰ ਘਾਟ ਅਤੇ ਪੰਥ ਦੇ ਪੂਜਨੀਕ ਪੰਥ ਮਾਤਾ ਸਾਹਿਬ ਕੌਰ ਜੀ ਦੇ ਸਤਿਯੁਗੀ ਤਪ ਅਸਥਾਨ ਮਾਤਾ ਸਾਹਿਬ ਦੇਵਾਂ ਜੀ ਦੇ ਦਰਸ਼ਨ ਕਰਨ ਉਪਰੰਤ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਵਿਖੇ ਪਹੁੰਚ ਕੇ ਦਰਸ਼ਨ ਅਤੇ ਸਰੋਵਰ ਵਿੱਚ ਇਸ਼ਨਾਨ ਕੀਤੇ ਗਏ। ਸਿੰਘ ਸਾਹਿਬ ਭਾਈ ਰੋਡੇ ਜੀ ਅਤੇ ਜਥੇ ਦਾ ਗੁਰਦੁਆਰਾ ਪ੍ਰਬੰਧਕਾਂ ਸ: ਬਲਜੀਤ ਸਿੰਘ ਅਤੇ ਸਾਥੀਆਂ ਵੱਲੋਂ ਨਿੱਘਾ ਸੁਆਗਤ ਅਤੇ ਸਨਮਾਨ ਕੀਤਾ ਗਿਆ। ਸਿੰਘ ਸਾਹਿਬ ਜੀ ਨੇ ਸੰਗਤਾਂ ਨੂੰ ਗੁਰਦੁਆਰਾ ਨਾਨਕ ਝੀਰਾ ਦਾ ਇਤਿਹਾਸ ਸੁਣਾਉਂਦਿਆਂ ਸਤਿਗੁਰੂ ਨਾਨਕ ਦੇਵ ਜੀ ਮਹਾਰਾਜ ਦੀਆਂ ਸੰਸਾਰ ਭਰ ਦੇ ਜੀਵਾਂ ਉਪਰ ਬੇਅੰਤ ਬਖਸ਼ਿਸ਼ਾਂ ਦਾ ਵਿਸ਼ੇਸ਼ ਜ਼ਿਕਰ ਕੀਤਾ। ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਮੁੱਖ ਅਸਥਾਨ ਤੇ ਗੁਰਬਾਣੀ ਦੀ ਕਥਾ ਕਰਦਿਆਂ ਦੇਸ਼ ਵਿਦੇਸ਼ ਤੋਂ ਦਰਸ਼ਨ ਕਰਨ ਪਹੁੰਚੀਆਂ ਬੇਅੰਤ ਸੰਗਤਾਂ ਨੂੰ ਸਿੰਘ ਸਾਹਿਬ ਜੀ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਐਗਜ਼ੈਕਟਿਵ ਮੈਂਬਰ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ, ਪੰਥ ਪ੍ਰਸਿੱਧ ਪ੍ਰਚਾਰਕ ਗਿਆਨੀ ਰਾਜਪਾਲ ਸਿੰਘ ਬੋਪਾਰਾਏ, ਕਥਾਵਾਚਕ ਗੁਰਦੁਆਰਾ ਸ਼ਹੀਦਾਂ ਤੱਲ੍ਹਣ, ਇੰਟਰਨੈਸ਼ਨਲ ਪੰਥਕ ਦਲ ਅਤੇ ਨਨਕਾਣਾ ਸਾਹਿਬ ਯਾਤਰਾ ਕਮੇਟੀ ਦੇ ਪ੍ਰਮੁੱਖ ਸੇਵਾਦਾਰ ਭਾਈ ਰਘਵੀਰ ਸਿੰਘ ਮਾਲੜੀ, ਭਾਈ ਰਾਜਪ੍ਰੀਤ ਸਿੰਘ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਹਜ਼ੂਰ ਸਾਹਿਬ, ਭਾਈ ਗਿਆਨ ਸਿੰਘ ਪੰਨੂ, ਬੀਬੀ ਭਜਨ ਕੌਰ ਬੈਂਸ, ਬੀਬੀ ਰੇਸ਼ਮ ਕੌਰ, ਬੀਬੀ ਪਰਮਜੀਤ ਕੌਰ ਮਾਲੜੀ, ਬੀਬੀ ਇਕਬਾਲ ਕੌਰ ਕੈਨੇਡਾ, ਬੀਬੀ ਹਰਭਜਨ ਕੌਰ ਢੰਡਾ, ਜੋਗਾ ਸਿੰਘ ਥਾਂਦੀ, ਬੀਬੀ ਜਸਵਿੰਦਰ ਕੌਰ ਥਾਂਦੀ, ਵੈਦ ਪਰਮਿੰਦਰ ਸਿੰਘ ਬਰੜਵਾਲ, ਕਪਿਲ ਕੁਮਾਰ ਮਾਲੜੀ, ਡਾਕਟਰ ਦਲਬੀਰ ਸਿੰਘ ਸਰੀਂਹ, ਕੁਲਦੀਪ ਸਿੰਘ ਕੁੰਦਨ ਨੋਟਿੰਘਮ ਆਦਿ ਸਮੇਤ ਯੂਕੇ, ਕੈਨੇਡਾ, ਰਾਜਸਥਾਨ ਅਤੇ ਪੰਜਾਬ ਦੀਆਂ ਸੰਗਤਾਂ ਹਾਜ਼ਰ ਸਨ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਿੰਘ ਸਾਹਿਬ ਜੀ ਨੇ ਹਜ਼ੂਰ ਸਾਹਿਬ ਦੇ ਤਖ਼ਤ ਤੋਂ ਕਥਾ ਕਰਦਿਆਂ

# ਅੰਮ੍ਰਿਤ ਛਕਣ ਦੀ ਸੰਗਤਾਂ ਨੂੰ ਪ੍ਰੇਰਨਾ ਕੀਤੀ

## ਨਨਕਾਣਾ ਸਾਹਿਬ ਯਾਤਰਾ ਕਮੇਟੀ ਦਾ ਜਥਾ ਸੱਚਖੰਡ ਹਜ਼ੂਰ ਸਾਹਿਬ ਵਿਖੇ ਨਤਮਸਤਕ ਹੋਇਆ















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਿੰਘ ਸਾਹਿਬ ਜੀ ਨੇ ਹਜ਼ੂਰ ਸਾਹਿਬ ਦੇ ਤਖ਼ਤ ਤੋਂ ਕਥਾ ਕਰਦਿਆਂ

# ਅੰਮ੍ਰਿਤ ਛਕਣ ਦੀ ਸੰਗਤਾਂ ਨੂੰ ਪ੍ਰੇਰਨਾ ਕੀਤੀ

## ਨਨਕਾਣਾ ਸਾਹਿਬ ਯਾਤਰਾ ਕਮੇਟੀ ਦਾ ਜਥਾ ਸੱਚਖੰਡ ਹਜ਼ੂਰ ਸਾਹਿਬ ਵਿਖੇ ਨਤਮਸਤਕ ਹੋਇਆ
















ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬੇਰੁਜ਼ਗਾਰੀ ਨਾਲ ਜੂਝਦੇ ਅਪੰਗ ਵਿਅਕਤੀ

# ਹੌਂਸਲੇ ਨਾਲ ਨਵੀਆਂ ਰਾਹਾਂ



**ਅੱਜ ਦੇ** ਸਮਾਜ ਵਿੱਚ ਬੇਰੁਜ਼ਗਾਰੀ ਇੱਕ ਗੰਭੀਰ ਸਮੱਸਿਆ ਬਣ ਚੁੱਕੀ ਹੈ, ਪਰ ਇਹ ਸਮੱਸਿਆ ਅਪੰਗ ਵਿਅਕਤੀਆਂ ਲਈ ਹੋਰ ਵੀ ਵਧੇਰੇ ਚੁਣੌਤੀਪੂਰਨ ਹੋ ਜਾਂਦੀ ਹੈ। ਸਰੀਰਕ ਅਤੇ ਮਾਨਸਿਕ ਚੁਣੌਤੀਆਂ ਦੇ ਨਾਲ-ਨਾਲ, ਸਮਾਜਿਕ ਰੁਕਾਵਟਾਂ ਅਤੇ ਰੋਜ਼ਗਾਰ ਦੇ ਘੱਟ ਮੌਕਿਆਂ ਕਾਰਨ ਉਨ੍ਹਾਂ ਦੀ ਜ਼ਿੰਦਗੀ ਔਖੀ ਹੋ ਜਾਂਦੀ ਹੈ।

**ਅਪੰਗ ਵਿਅਕਤੀਆਂ ਦੇ ਮੌਜੂਦਾ ਹਾਲਾਤ**-ਬਹੁਤੇ ਲੋਕ ਅਪੰਗ ਵਿਅਕਤੀਆਂ ਵੱਲ ਤਰਸਭਰੀ ਭਾਵਨਾ ਨਾਲ ਵੇਖਦੇ ਹਨ, ਜਿਸ ਕਾਰਨ ਉਹਨਾਂ ਨੂੰ ਹੌਂਸਲਾ ਮਿਲਣ ਦੀ ਬਜਾਏ ਹੀਣ ਭਾਵਨਾ ਮਹਿਸੂਸ ਹੁੰਦੀ ਹੈ। ਹਾਲਾਂਕਿ ਅਪੰਗ ਵਿਅਕਤੀਆਂ ਕੋਲ ਯੋਗਤਾ, ਸਿੱਖਿਆ ਅਤੇ ਕੌਸ਼ਲਤਾਵਾਂ ਹੁੰਦੀਆਂ ਹਨ, ਪਰ ਉਨ੍ਹਾਂ ਨੂੰ ਅਕਸਰ ਯੋਗ ਨੌਕਰੀ ਨਹੀਂ ਮਿਲਦੀ। ਇਹ ਸਿਰਫ਼ ਉਨ੍ਹਾਂ ਦੀ ਯੋਗਤਾ ਦੀ ਘਾਟ ਨਹੀਂ, ਸਗੋਂ ਨੌਕਰੀ ਦਾਤਾਵਾਂ ਵਲੋਂ ਉਚਿਤ ਮੌਕੇ ਨਾ ਦੇਣ ਦਾ ਨਤੀਜਾ ਹੈ।

ਇਸ ਤੋਂ ਇਲਾਵਾ, ਕਈ ਸਰਕਾਰੀ ਯੋਜਨਾਵਾਂ ਮੌਜੂਦ ਹਨ, ਪਰ ਉਨ੍ਹਾਂ ਦੀ ਪ੍ਰਾਪਤੀ ਦੀ ਜਾਣਕਾਰੀ ਦੀ ਕਮੀ ਅਪੰਗ ਵਿਅਕਤੀਆਂ ਲਈ ਇੱਕ ਵੱਡੀ ਰੁਕਾਵਟ ਬਣੀ ਹੋਈ ਹੈ। ਕਈ ਨੌਕਰੀਆਂ ਵਿੱਚ ਧੋਖਾਧੜੀ ਦੇ ਮਾਮਲੇ ਵੀ ਸਾਹਮਣੇ ਆਉਂਦੇ ਹਨ, ਜਿੱਥੇ ਕੁਝ ਲੋਕ ਜਾਅਲੀ ਸਰਟੀਫਿਕੇਟ ਬਣਾਕੇ ਅਸਲ ਅਪੰਗ ਵਿਅਕਤੀਆਂ ਦੇ ਹੱਕ ਮਾਰ ਲੈਂਦੇ ਹਨ। ਇਸ ਸਮੱਸਿਆ ਦਾ ਹੱਲ ਸਰਕਾਰ ਨੂੰ ਕੱਢਣਾ ਚਾਹੀਦਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਵਿਸ਼ੇਸ਼ ਨੌਕਰੀ ਕੇਂਦਰ ਬਣਾਉਣ, ਜਿੱਥੇ ਅਪੰਗ ਵਿਅਕਤੀਆਂ ਨੂੰ ਸਿੱਖਿਆ ਅਤੇ ਤਿਆਰੀ ਦੀ ਵਿਸ਼ੇਸ਼ ਸਹੂਲਤ ਮਿਲ ਸਕੇ।

**ਨਵੀਆਂ ਸੰਭਾਵਨਾਵਾਂ ਅਤੇ ਹੱਲ**-ਆਨਲਾਈਨ ਕੰਮ ਅਤੇ ਫ੍ਰੀਲਾਂਸਿੰਗ-ਡਿਜ਼ੀਟਲ ਪਲੇਟਫਾਰਮ ਜਿਵੇਂ ਕਿ Upwork, Freelancer, Fiverr ਆਦਿ ਉਨ੍ਹਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਖੋਲ੍ਹ ਰਹੇ ਹਨ।

ਘਰੇਲੂ ਉਦਯੋਗ-ਹੱਥ ਕਲਾ, ਆਨ ਲਾਈਨ ਅਤੇ ਘਰੇਲੂ ਵਪਾਰ ਉਨ੍ਹਾਂ ਲਈ ਇਕ ਵਧੀਆ ਵਿਕਲਪ ਹੋ ਸਕਦਾ ਹੈ।

ਸਰਕਾਰੀ ਯੋਜਨਾਵਾਂ-ਦਿਵਿਆਂਗ ਵਿਅਕਤੀਆਂ ਲਈ ਵਿਸ਼ੇਸ਼ ਰੋਜ਼ਗਾਰ ਯੋਜਨਾਵਾਂ, ਲੋਨ ਸਕੀਮਾਂ ਅਤੇ ਸਕਿਲ ਡਿਵੈਲਪਮੈਂਟ ਪ੍ਰੋਗਰਾਮ ਉਨ੍ਹਾਂ ਦੀ ਆਤਮ-ਨਿਰਭਰਤਾ ਨੂੰ ਵਧਾ ਸਕਦੇ ਹਨ। ਸਮਾਜਿਕ ਜਾਗਰੂਕਤਾ-ਸਮਾਜ ਨੂੰ ਆਪਣੇ ਵਿਵਹਾਰ ਨੂੰ ਬਦਲਣ ਦੀ ਲੋੜ ਹੈ ਅਤੇ ਅਪੰਗ ਵਿਅਕਤੀਆਂ ਨੂੰ ਰੁਜ਼ਗਾਰ ਦੇ ਨਵੇਂ ਮੌਕੇ ਦੇਣੇ ਚਾਹੀਦੇ ਹਨ। ਅਪੰਗ ਵਿਅਕਤੀਆਂ ਲਈ ਬੇਰੁਜ਼ਗਾਰੀ ਬੇਸ਼ਕ ਇੱਕ ਵੱਡੀ ਚੁਣੌਤੀ ਹੈ, ਪਰ ਜੇਕਰ ਉਨ੍ਹਾਂ ਨੂੰ ਯੋਗਤਾ ਅਨੁਸਾਰ ਮੌਕੇ ਮਿਲਣ ਤਾਂ ਉਹ ਆਪਣੇ ਹਿੰਮਤ ਅਤੇ ਹੌਂਸਲੇ ਨਾਲ ਕਾਮਯਾਬੀ ਦੀ ਨਵੀਂ ਉਦਾਹਰਨ ਬਣ ਸਕਦੇ ਹਨ। ਇਸ ਲਈ, ਸਰਕਾਰ, ਉਦਯੋਗ ਅਤੇ ਸਮਾਜਕ ਸੰਸਥਾਵਾਂ ਨੂੰ ਚਾਹੀਦਾ ਹੈ ਕਿ ਉਹ ਉਨ੍ਹਾਂ ਦੀ ਸਹਾਇਤਾ ਕਰਨ ਅਤੇ ਉਨ੍ਹਾਂ ਦਾ ਪੂਰਾ ਸਮਰਥਨ ਕਰਨ।

**-ਪਵਨ ਕੁਮਾਰ ਖਿੱਚੀ (ਮਾਨਸਾ)**
**ਮੋ. 9478160786**
**ਪੇਸ਼ਕਸ਼ : ਗੁਰਜੰਟ ਸਿੰਘ ਨਥੇਹਾ**

### ਸੱਤ ਸਾਲ ਪੁਰਾਣੇ ਕੇਸ ਵਿੱਚੋ ਬਰੀ ਹੋਣ ਨਾਲ ਜੱਗੀ ਜੋਹਲ ਵਿਰੁੱਧ ਹੋਰ

# ਸਾਰੇ ਦੋਸ਼ਾਂ ਨੂੰ ਖਤਮ ਕਰਨ ਦਾ ਖੁਲਿਆ ਰਾਹ: ਦਬਿੰਦਰਜੀਤ ਸਿੰਘ

**ਨਵੀਂ ਦਿੱਲੀ, 5 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਭਾਰਤ ਦੀ ਜੇਲ੍ਹ ਅੰਦਰ ਬੰਦ ਬ੍ਰਿਟਿਸ਼ ਨਾਗਰਿਕ ਜਗਤਾਰ ਸਿੰਘ ਜੱਗੀ ਜੋਹਲ ਦੇ ਇਕ ਕੇਸ ਅੰਦਰ ਬਰੀ ਹੋਣ ਦੀ ਖਬਰ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਸਿੱਖ ਫੈਡਰੇਸ਼ਨ ਯੂ.ਕੇ. ਦੀ ਸਿਆਸੀ ਲੀਡ ਦੇ ਐਗਜ਼ੈਕਟਿਵ ਸਰਦਾਰ ਦਬਿੰਦਰਜੀਤ ਸਿੰਘ ਓ.ਬੀ.ਈ. ਨੇ ਕਿਹਾ ਕਿ ਭਰੋਸੇਯੋਗ ਸਬੂਤਾਂ ਦੀ ਘਾਟ ਕਾਰਨ ਜਗਤਾਰ ਦਾ ਬਰੀ ਹੋਣਾ ਉਸ ਨੂੰ ਰਿਹਾਅ ਕਰਵਾਉਣ ਅਤੇ ਆਪਣੇ ਪਰਿਵਾਰ ਨਾਲ ਦੁਬਾਰਾ ਮਿਲਣ ਲਈ ਯੂਕੇ ਵਾਪਸ ਜਾਣ ਲਈ ਇੱਕ ਵੱਡਾ ਕਦਮ ਹੈ ਅਤੇ ਇਹ ਉਸਦੇ ਵਿਰੁੱਧ ਹੋਰ ਸਾਰੇ ਦੋਸ਼ਾਂ ਨੂੰ ਖਤਮ ਕਰਨ ਦਾ ਰਾਹ ਖੋਲ੍ਹਦਾ ਹੈ। ਇਸ ਲਈ ਹੁਣ ਓਸ ਨੂੰ ਰਿਹਾਅ ਕਰਨ ਲਈ ਜਿੰਨੀ ਜਲਦੀ ਹੋ ਸਕੇ ਰਸਮੀ ਕਾਰਵਾਈ ਹੋਣੀ ਚਾਹੀਦੀ ਹੈ ਕਿਉਂਕਿ ਜਗਤਾਰ ਆਪਣੀ ਜ਼ਿੰਦਗੀ ਦੇ 7 ਸਾਲ ਪਹਿਲਾਂ ਹੀ ਜੇਲ੍ਹਾਂ ਅੰਦਰ ਗੁਆ ਚੁੱਕਾ ਹੈ । ਉਨ੍ਹਾਂ ਕਿਹਾ ਕਿ ਯੂਕੇ ਸਰਕਾਰ ਨੂੰ ਦਬਾਅ ਬਣਾਏ ਰੱਖਣ ਦੀ ਲੋੜ ਹੈ ਅਤੇ ਉਸਨੂੰ ਜਲਦੀ ਘਰ ਪਹੁੰਚਾਉਣ ਦੀ ਤਿਆਰੀ ਕਰਨੀ ਚਾਹੀਦੀ ਹੈ ਤਾਂ ਜੋ ਉਹ ਆਪਣੇ ਪਰਿਵਾਰ ਨਾਲ ਰਹਿ ਸਕੇ ਅਤੇ ਵਿਆਹੁਤਾ ਜੀਵਨ ਦਾ ਅਨੰਦ ਲੈਣਾ ਸ਼ੁਰੂ ਕਰ ਸਕੇ। ਉਨ੍ਹਾਂ ਦਸਿਆ ਕਿ ਬੀਤੇ ਦਿਨ ਅਦਾਲਤ ਵਲੋਂ ਕੀਤਾ ਗਿਆ ਫੈਸਲਾ ਉਨ੍ਹਾਂ ਸਾਰਿਆਂ ਲਈ ਇੱਕ ਪ੍ਰਮਾਣਿਕਤਾ ਹੈ ਜਿਨ੍ਹਾਂ ਨੇ ਉਸਦੀ ਰਿਹਾਈ ਅਤੇ ਵਾਪਸੀ ਲਈ ਅਣਥੱਕ ਮੁਹਿੰਮ ਚਲਾਈ ਹੈ ਕਿਉਂਕਿ ਉਹ ਜਾਣਦੇ ਸਨ ਕਿ ਉਹ ਬੇਕਸੂਰ ਸੀ ਅਤੇ ਇੱਕ ਭਾਰਤੀ ਜੇਲ੍ਹ ਵਿੱਚ ਮਨਮਾਨੇ ਢੰਗ ਨਾਲ ਨਜ਼ਰਬੰਦ ਕੀਤਾ ਗਿਆ ਸੀ। ਭਾਰਤ ਵਿੱਚ ਮਨਮਾਨੇ ਢੰਗ ਨਾਲ ਨਜ਼ਰਬੰਦ ਕੀਤੇ ਗਏ ਬ੍ਰਿਟਿਸ਼ ਨਾਗਰਿਕਾਂ ਲਈ ਖੜ੍ਹੇ ਹੋਣ ਲਈ ਯੂਕੇ ਸਰਕਾਰ ਉੱਤੇ ਦਬਾਅ ਬਣਾਏ ਰੱਖਣ ਲਈ ਅਸੀਂ ਦਸੰਬਰ ਵਿੱਚ ਇੱਕ ਸੰਸਦੀ ਈ-ਪਟੀਸ਼ਨ ਸ਼ੁਰੂ ਕੀਤੀ ਸੀ ਜਿਸਦਾ ਸਿਰਲੇਖ ਸੀ: ਭਾਰਤ ਵਿੱਚ ਮਨਮਾਨੇ ਢੰਗ ਨਾਲ ਨਜ਼ਰਬੰਦ ਕੀਤੇ ਗਏ ਬ੍ਰਿਟਿਸ਼ ਨਾਗਰਿਕਾਂ ਦੀ ਰਿਹਾਈ ਅਤੇ ਵਾਪਸੀ ਨੂੰ ਸੁਰੱਖਿਅਤ ਕਰੋ। ਈ-ਪਟੀਸ਼ਨ ਉਪਰ ਵਡੀ ਗਿਣਤੀ ਵਿਚ ਸੰਸਦ ਮੈਂਬਰਾਂ ਨੇ ਹਸਤਾਖਰ ਕੀਤੇ ਹਨ। 13 ਸੰਸਦ ਮੈਂਬਰਾਂ (9 ਲੇਬਰ, 3 ਕੰਜ਼ਰਵੇਟਿਵ ਅਤੇ 1 ਆਜ਼ਾਦ) ਨੇ ਪਹਿਲਾਂ ਹੀ 100 ਤੋਂ ਵੱਧ ਹਲਕੇ ਈ-ਪਟੀਸ਼ਨ 'ਤੇ ਦਸਤਖਤ ਕਰ ਲਏ ਹਨ ਅਤੇ ਅਸੀਂ ਉਨ੍ਹਾਂ ਨੂੰ ਖਾਸ ਕਾਰਵਾਈਆਂ ਕਰਨ ਲਈ ਲਿਖਿਆ ਹੈ। ਉਨ੍ਹਾਂ ਦਸਿਆ ਕਿ ਅਸੀਂ 15 ਜਨਵਰੀ ਅਤੇ 25 ਫਰਵਰੀ ਨੂੰ ਯੂਕੇ ਦੇ ਸਾਰੇ 400 ਤੋਂ ਵੱਧ ਲੇਬਰ ਸੰਸਦ ਮੈਂਬਰਾਂ ਨੂੰ ਇਹ ਯਕੀਨੀ ਬਣਾਉਣ ਲਈ ਵੀ ਲਿਖਿਆ ਸੀ ਕਿ ਜਗਤਾਰ ਨੂੰ ਰਿਹਾਅ ਕਰਵਾਉਣ ਅਤੇ ਯੂਕੇ ਵਾਪਸ ਜਾਣ ਲਈ ਯੂਕੇ ਸਰਕਾਰ ਕੂਟਨੀਤਕ ਦਬਾਅ ਬਣਾਈ ਰੱਖੇ। ਅਸੀਂ ਜਾਣਦੇ ਹਾਂ ਕਿ ਬਹੁਤ ਸਾਰੇ ਲੇਬਰ ਸੰਸਦ ਮੈਂਬਰਾਂ ਨੇ ਜਗਤਾਰ ਦਾ ਮਾਮਲਾ ਵਿਦੇਸ਼ ਸਕੱਤਰ ਕੋਲ ਉਠਾਇਆ ਹੈ।




### ਸਿਹਤ ਵਿਭਾਗ ਵੱਲੋਂ ਨੈਸ਼ਨਲ ਬਲੱਡ ਟਰਾਂਸਫਿਊਸ਼ਨ ਕੌਂਸਲ ਦੇ

# ਟੈਕਨੀਕਲ ਰਿਸੋਰਸ ਗਰੁੱਪ ਦੀ ਕੀਤੀ ਅਹਿਮ ਮੀਟਿੰਗ



**ਚੌਕ ਮਹਿਤਾ, 5 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਨੈਸ਼ਨਲ ਬਲੱਡ ਟਰਾਂਸਫਿਊਸ਼ਨ ਕੌਂਸਲ ਦੇ ਟੈਕਨੀਕਲ ਰਿਸੋਰਸ ਗਰੁੱਪ ਦੀ ਮੀਟਿੰਗ ਅੱਜ ਮਿਤੀ 5 ਮਾਰਚ ਨੂੰ ਹੋਟਲ ਹੋਲੀਡੇ ਇਨ ਵਿਖੇ, ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਅਤੇ ਪ੍ਰਿੰਸੀਪਲ ਗੌਰਮੈਂਟ ਮੈਡੀਕਲ ਕਾਲਜ ਡਾ ਰਾਜੀਵ ਦੇਵਗਨ ਦੀ ਅਗਵਾਈ ਹੇਠ ਕੀਤੀ ਗਈ। ਇਸ ਮੀਟਿੰਗ ਦੌਰਾਨ ਨੈਸ਼ਨਲ ਪੱਧਰ ਤੋਂ ਆਏ ਵੱਖ ਵੱਖ ਸਟੇਟਾਂ ਦੇ ਨੁਮਾਇੰਦੇ ਸ਼ਾਮਿਲ ਹੋਏ। ਜਿਨਾਂ ਵਿੱਚ ਡਾਇਰੈਕਟਰ ਨੈਸ਼ਨਲ ਬਲੱਡ ਟਰਾਂਸਫਿਊਸ਼ਨ ਕੌਂਸਲ ਡਾ ਕ੍ਰਿਸ਼ਨ ਕੁਮਾਰ, ਅਸਿਸਟੈਂਟ ਡਾਇਰੈਕਟਰ ਡਾ ਮੇਘਾ ਪਰਵੀਨ, ਡਾ ਰਜਿੰਦਰ ਚੌਧਰੀ ਅਤੇ ਡਾ ਰੱਤੀ ਰਾਮ ਸ਼ਰਮਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਦੌਰਾਨ ਜਾਣਕਾਰੀ ਦਿੰਦਿਆਂ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਦੱਸਿਆ ਕਿ ਇਸ ਮੀਟਿੰਗ ਵਿੱਚ ਬਲੱਡ ਟਰਾਂਸਫਿਊਸ਼ਨ, ਬਲੱਡ ਸਟੋਰੇਜ ਬਲੱਡ ਬੈਂਕ ਨਾਲ ਸੰਬੰਧਿਤ ਸਾਰੇ ਵਿਸ਼ਿਆਂ ਤੇ ਚਰਚਾ ਕੀਤੀ ਜਾਵੇਗੀ। ਵਿਸ਼ੇਸ਼ ਤੌਰ ਤੇ ਦੇਸ਼ ਵਿੱਚ ਕਿਸੇ ਵੀ ਜਗ੍ਹਾ ਤੇ ਹੰਗਾਮੀ ਹਾਲਾਤ ਜਾਂ ਕੁਦਰਤੀ ਆਫਤਾਂ ਨਾਲ ਨਜਿੱਠਣ ਲਈ ਵਿਸ਼ੇਸ਼ ਪੋਲਸੀ ਤਿਆਰ ਕੀਤੀ ਜਾਵੇਗੀ, ਤਾਂ ਜੋ ਦੇਸ਼ ਵਿੱਚ ਕਿਸੇ ਵੀ ਕੋਨੇ ਵਿੱਚ ਕੋਈ ਕੁਦਰਤੀ ਆਫਤ ਜਾਂ ਹੰਗਾਮੀ ਹਾਲਾਤ ਪੈਦਾ ਹੋਣ ਜਾਂ ਐਮਰਜੰਸੀ ਹਾਲਾਤਾਂ ਵਿੱਚ ਮਰੀਜ਼ਾਂ ਦੀ ਖ਼ੂਨ ਦੀ ਲੋੜ ਪੂਰੀ ਕੀਤੀ ਜਾ ਸਕੇ। ਇਸ ਦੌਰਾਨ ਡਾ ਨੀਲਮ ਮਰਵਾਹਾ, ਡਾ ਆਰ ਆਰ ਸ਼ਰਮਾ, ਡਾ ਵੰਸ਼ਰੀ, ਡਾ ਜੈ ਸ਼੍ਰੀ ਸ਼ਰਮਾ, ਡਾ ਦੇਵਸੀਸ਼ ਗੁਪਤਾ, ਡਾ ਸੰਗੀਤਾ ਸਿਧਵਾਨੀ, ਡਾ ਮੀਨਾ ਸਿੱਧੂ, ਡਾਕਟਰ ਰਵਨੀਤ ਕੌਰ, ਸਟੇਟ ਪ੍ਰੋਗਰਾਮ ਅਫਸਰ ਸ੍ਰੀ ਮਨੀਸ਼ ਕੁਮਾਰ, ਜਿਲਾ ਐਮ ਆਈ ਓ ਅਮਰਦੀਪ ਸਿੰਘ, ਡੀਪੀਐਮ ਮਨਪ੍ਰੀਤ ਕੌਰ ਸਮੇਤ ਸਮੂਹ ਸਟਾਫ ਹਾਜ਼ਰ ਸਨ।

# ਜਸਨਦੀਪ ਸਿੰਘ ਦੇ ਕਾਤਲਾਂ ਨੂੰ ਸਲਾਖਾਂ ਪਿੱਛੇ ਕੀਤਾ ਜਾਵੇ, ਵੱਖੋ-ਵੱਖ ਬੁਲਾਰਿਆਂ ਨੇ ਪ੍ਰਸ਼ਾਸਨ ਤੋਂ ਕਰੀ ਮੰਗ



**ਧੂਰੀ ( ਰਣਜੀਤ ਸਿੰਘ ਪੇਧਨੀ )**-ਜਸਨਦੀਪ ਸਿੰਘ ਪੁੱਤਰ ਗੁਰਦੀਪ ਸਿੰਘ ਜਿਸ ਦਾ ਪਿਛਲੇ ਦਿਨਾਂ ਵਿੱਚ ਕਾਰ ਨਾਲ 19 ਫਰਵਰੀ ਨੂੰ ਐਕਸੀਡੈਂਟ ਹੋ ਗਿਆ ਸੀ, ਜੋ ਰਜਿੰਦਰਾ ਹਸਪਤਾਲ ਪਟਿਆਲੇ ਜੇਰੇ ਇਲਾਜ ਲਈ ਸੀ ਸੱਟਾਂ ਜਿਆਦਾ ਹੋਣ ਕਾਰਨ ਕਰਕੇ ਜਿਸ ਦੀ ਮੌਤ ਹੋ ਗਈ। ਪਰਿਵਾਰ ਵੱਲੋਂ ਪੁਲਿਸ ਪ੍ਰਸ਼ਾਸਨ ਤੇ ਦੋਸ਼ ਲਾਉਂਦਿਆਂ ਇਨਸਾਫ ਨਾ ਮਿਲਣ ਦਾ ਵੇਰਵਾ ਪਾ ਕੇ ਮਿਰਤਕ ਦੀ ਲਾਸ਼ ਨੂੰ ਕੱਕੜਵਾਲ ਚੌਂਕ ਚ ਰੱਖ ਕੇ ਸਰਕਾਰ ਅਤੇ ਪ੍ਰਸ਼ਾਸਨ ਖਿਲਾਫ ਨਾਰੇਬਾਜ਼ੀ ਕੀਤੀ ਅਤੇ ਨਾਰੇਬਾਜ਼ੀ ਕਰਕੇ ਇਨਸਾਫ ਦੀ ਮੰਗ ਕੀਤੀ ਗਈ। ਇਸ ਮੌਕੇ ਧਰਨੇ ਨੂੰ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਜਿੰਨਾ ਚਿਰ ਜਸਨਦੀਪ ਸਿੰਘ ਦੇ ਕਾਤਲਾਂ ਨੂੰ ਪੁਲਿਸ ਵੱਲੋਂ ਫੜ ਕੇ ਪਰਚਾ ਦਰਜ ਕਰਕੇ ਸਲਾਖਾਂ ਪਿੱਛੇ ਨਹੀਂ ਕੀਤਾ ਜਾਂਦਾ ਉਹ ਉਸ ਦਾ ਸੰਸਕਾਰ ਨਹੀਂ ਕਰਨਗੇ। ਇਸ ਮੌਕੇ ਜਬਰ ਜੁਲਮ ਵਿਰੋਧੀ ਫ਼ਰੰਟ ਦੇ ਆਗੂ ਰਿੰਕੂ ਧੂਰੀ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਦਲਿਤ ਚੇਤਨਾ ਮੰਚ ਦੇ ਸੀਨੀਅਰ ਆਗੂ ਅਜੇ ਪਰੋਚਾ, ਸਿਗਾਰਾ ਸਿੰਘ, ਚਮਕੌਰ ਸਿੰਘ, ਸਾਬਕਾ ਸਰਪੰਚ ਧਰਮਪਾਲ ਸਿੰਘ, ਸੁਰਜੀਤ ਸਿੰਘ, ਸੁਰਿੰਦਰ ਸਿੰਘ ਰਾਣਾ, ਅਮਰੀਕ ਸਿੰਘ ਕਾਲਾ ਹਾਜ਼ਰ ਸਨ।

# ਕੰਨਾਂ ਦੀ ਸਿਹਤ ਪ੍ਰਤੀ ਸੁਚੇਤ ਰਹੋ ਅਤੇ ਬੋਲੇਪਨ ਤੋਂ ਬਚਾਓ ਲਈ ਕੰਨਾਂ ਦੀ ਦੇਖਭਾਲ ਜ਼ਰੂਰੀ : ਸਿਵਲ ਸਰਜਨ ਡਾਕਟਰ ਕਿਰਨਦੀਪ ਕੌਰ



**ਚੌਕ ਮਹਿਤਾ, 5 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਰਾਸ਼ਟਰੀ ਸੁਨਨ ਸ਼ਕਤੀ ਦਿਵਸ ਨੂੰ ਸਮਰਪਿਤ ਇੱਕ ਜਾਗਰੂਕਤਾ ਵਰਕਸ਼ਾਪ ਦਾ ਆਯੋਜਨ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਬੋਲੇਪਨ ਤੋਂ ਬਚਾ ਲਈ ਕੰਨਾਂ ਦੀ ਦੇਖਭਾਲ ਬਹੁਤ ਜਰੂਰੀ ਹੈ। ਕੰਨ ਮਨੁੱਖੀ ਸਰੀਰ ਦਾ ਬਹੁਤ ਹੀ ਮਹੱਤਵਪੂਰਨ ਅੰਗ ਹਨ, ਇਹਨਾਂ ਦੀਆਂ ਬੀਮਾਰੀਆਂ ਪ੍ਰਤੀ ਜੇਕਰ ਅਣਗਹਿਲੀ ਕੀਤੀ ਜਾਵੇ ਤਾਂ ਮਨੁੱਖ ਬੋਲੇਪਨ ਦਾ ਸ਼ਿਕਾਰ ਹੋ ਸਕਦਾ ਹੈ। ਇਸ ਲਈ ਕੰਨਾਂ ਦੀ ਦੇਖਭਾਲ ਪ੍ਰਤੀ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਉਹਨਾਂ ਕਿਹਾ ਕਿ ਗੂੰਗੇ ਅਤੇ ਬੋਲੇਪਨ ਦੀ ਸਮੱਸਿਆ ਕਾਰਨ ਮਰੀਜ਼ ਆਮ ਲੋਕਾਂ ਅਤੇ ਸਮਾਜ ਤੋਂ ਕੱਟਿਆ ਜਾਂਦਾ ਹੈ ਜਿਸ ਕਾਰਨ ਉਹਨਾਂ ਨੂੰ ਭਾਰੀ ਮਾਨਸਿਕ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕਿਹਾ ਤੇਜ ਆਵਾਜ਼, ਦੂਸ਼ਿਤ ਵਾਤਾਵਰਨ, ਗੰਦੇ ਪਾਣੀ, ਕੰਨ ਵਿੱਚ ਨੁਕੀਲੀ ਚੀਜ਼ ਮਾਰਨ ਆਦਿ ਕਾਰਣ ਬਹੁਤ ਸਾਰੇ ਕੰਨਾਂ ਦੇ ਰੋਗ ਹੋ ਸਕਦੇ ਹਨ। ਇਸ ਤੋਂ ਇਲਾਵਾ ਤੇਜ ਆਵਾਜ਼, ਸ਼ੋਰ, ਪ੍ਰੈਸ਼ਰ ਹਾਰਨ ਹੈਡਫੋਨਾਂ ਦੀ ਜਿਆਦਾ ਵਰਤੋਂ ਅਤੇ ਤੇਜ਼ ਮਿਊਜਿਕ ਕੰਨਾਂ ਤੇ ਮਾੜੇ ਪ੍ਰਭਾਵ ਪਾਉਂਦੇ ਹਨ। ਇਸ ਲਈ ਕਿਸੇ ਵੀ ਕੰਨਾਂ ਦੀ ਸਮੱਸਿਆ ਹੋਣ ਦੀ ਸੂਰਤ ਵਿੱਚ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ। ਇਸ ਮੌਕੇ ਤੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜਿਲਾ ਟੀਕਾਕਰਨ ਅਫਸਰ ਡਾ ਭਾਰਤੀ ਧਵਨ, ਜਿਲਾ ਐਮਆਈਓ ਅਮਰਦੀਪ ਸਿੰਘ, ਡਾ ਪ੍ਰੀਤ ਵਿੰਨ ਕੌਰ, ਡਾ ਸਰਤਾਜ ਸਿੰਘ, ਡਾ ਜਸਕਰਨ ਜੋਤ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।

## ਹੋਲੇ ਮਹੱਲੇ ਨੂੰ ਸਮਰਪਿਤ ਪਿੰਡ ਬੁਰਜ ਕੁਲਾਰਾ ਵਿੱਚ ਗੱਤਕੇ ਦਾ ਟੂਰਨਾਮੈਂਟ 8 ਮਾਰਚ ਨੂੰ

# ਬੱਚਿਆਂ ਨੂੰ ਬਾਣੀ ਅਤੇ ਬਾਣੇ ਨਾਲ ਜੋੜਨ ਦੇ ਉਪਰਾਲੇ : ਜਥੇਦਾਰ ਜਗਪ੍ਰੀਤ ਸਿੰਘ ਖਾਲਸਾ



**ਹਠੂਰ/ਜਗਰਾਉਂ -(ਵਰਿਆਮ ਹਠੂਰ )**-ਜ਼ਿਲ੍ਹਾ ਲੁਧਿਆਣਾ ਦੇ ਆਖ਼ਰੀ ਪਿੰਡ ਬੁਰਜ ਕੁਲਾਰਾ ਵਿਖੇ ਨਿਰਵੈਰ ਖਾਲਸਾ ਗੱਤਕਾ ਅਖਾੜਾ ਬੁਰਜ ਕੁਲਾਰਾ ਵੱਲੋਂ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ, ਕੈਲੇਫੋਰਨੀਆਂ ਗੱਤਕਾ ਦਲ ਯੂ. ਐੱਸ. ਏ. ਐੱਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ ਵਿਸ਼ੇਸ਼ ਗੱਤਕੇ ਦਾ ਟੂਰਨਾਮੈਂਟ 8 ਮਾਰਚ 2025 ਦਿਨ ਸ਼ਨੀਵਾਰ ਨੂੰ ਸਰਕਾਰੀ ਪ੍ਰਾਇਮਰੀ ਸਕੂਲ ਦੇ ਗਰਾਂਊਂਡ ਵਿੱਚ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਸਾਂਝੀ ਕਰਦਿਆਂ ਜਥੇਦਾਰ ਜਗਪ੍ਰੀਤ ਸਿੰਘ ਖਾਲਸਾ ਪਿੰਡ ਬੁਰਜ ਕੁਲਾਰਾ ਨੇ ਕਿਹਾ ਕਿ ਹੋਲੇ ਮਹੱਲੇ ਨੂੰ ਸਮਰਪਿਤ ਹੋਣ ਜਾ ਰਹੇ ਗੱਤਕੇ ਦੇ ਟੂਰਨਾਮੈਂਟ ਵਿੱਚ ਸ਼ਸਤਰ ਪ੍ਰਦਰਸ਼ਨ, ਅੰਡਰ 17 ਫਾਇਟ, ਅੰਡਰ 17 ਕਵੀਸ਼ਰੀ, ਅੰਡਰ 17 ਧਾਰਮਿਕ ਪੇਪਰ ਲਏ ਜਾਣਗੇ, ਜੇਤੂਆਂ ਨੂੰ ਵਿਸ਼ੇਸ਼ ਤੌਰ ਤੇ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ, ਇਸ ਤੋਂ ਇਲਾਵਾ ਨੈਸ਼ਨਲ ਤੇ ਸਟੇਟ ਜੇਤੂ ਖਿਡਾਰੀਆਂ ਨੂੰ ਸਰਕਾਰੀ ਸਰਟੀਫਿਕੇਟਾਂ ਨਾਲ ਸਨਮਾਨਿਤ, ਜਥੇਦਾਰ ਜਗਪ੍ਰੀਤ ਸਿੰਘ ਖਾਲਸਾ ਨੇ ਅੱਗੇ ਕਿਹਾ ਕਿ ਸਾਡਾ ਮਕਸਦ ਨੌਜਵਾਨਾਂ ਨੂੰ ਬਾਣੀ ਅਤੇ ਬਾਣੇ ਨਾਲ ਜੋੜਨਾ ਹੈ। ਤੇ ਨੌਜਵਾਨਾਂ ਨੂੰ ਗੱਤਕੇ ਦੀ ਵੀ ਸਿਖਲਾਈ ਦਿੱਤੀ ਜਾਂਦੀ ਹੈ। ਸਮੂਹ ਗੁਰਸੰਗਤਾਂ 8 ਮਾਰਚ ਨੂੰ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਬੁਰਜ ਕੁਲਾਰਾ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨ ਤੇ ਆਈਆਂ ਹੋਈਆਂ ਟੀਮਾਂ ਦੇ ਸ਼ਾਨਦਾਰ ਗੱਤਕੇ ਦੇ ਜੌਹਰ ਵੇਖਣ।

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸੱਦੇ 'ਤੇ

# ਜ਼ੋਨ ਜੰਡਿਆਲਾ ਗੁਰੂ ਵੱਲੋਂ ਫੂਕਿਆ ਗਿਆ ਪੰਜਾਬ ਸਰਕਾਰ ਦਾ ਪੁਤਲਾ



**ਜੰਡਿਆਲਾ ਗੁਰੂ, 5 ਮਾਰਚ ( ਕੁਲਵੰਤ ਸਿੰਘ ਵਿਰਦੀ)**-ਜ਼ਿਲ੍ਹਾ ਅੰਮ੍ਰਿਤਸਰ ਦੇ ਜੋਨ ਜੰਡਿਆਲਾ ਗੁਰੂ ਵੱਲੋਂ ਦਾਨਾ ਮੰਡੀ ਜੰਡਿਆਲਾ ਗੁਰੂ ਦੇ ਸਾਹਮਣੇ ਜੀ ਟੀ ਰੋਡ ਨੂੰ ਜਾਮ ਕਰਕੇ ਭਗਵੰਤ ਮਾਨ ਸਰਕਾਰ ਦਾ ਅਰਥੀ ਫੂਕ ਮੁਜਾਹਰਾ ਕੀਤਾ ਗਿਆ ਜਿਸ ਦੀ ਅਗਵਾਈ ਜੋਨ ਪ੍ਰਧਾਨ ਚਰਨਜੀਤ ਸਿੰਘ ਸਫੀਪੁਰ ਅਤੇ ਪ੍ਰਗਟ ਸਿੰਘ ਗੁਨੋਵਾਲ ਨੇ ਸਾਂਝੇ ਤੌਰ ਤੇ ਕੀਤੀ ਮੁਜ਼ਾਹਰੇ ਨੂੰ ਸੰਬੋਧਨ ਕਰਦਿਆਂ ਸੂਬਾ ਸੰਗਠਨ ਸਕੱਤਰ ਜਰਮਨਜੀਤ ਸਿੰਘ ਬੁੰਡਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਦੀ ਤਰਜ਼ ਤੇ ਕਿਸਾਨਾ ਮਜ਼ਦੂਰਾਂ ਤੇ ਜ਼ੁਲਮ ਕਰ ਰਹੀ ਹੈ ਪੰਜਾਬ ਦੇ ਕਿਸਾਨਾਂ ਮਜ਼ਦੂਰਾਂ ਨੂੰ ਆਪਣੀ ਰਾਜਧਾਨੀ ਵਿੱਚ ਜਾ ਕੇ ਆਪਣੀਆਂ ਹੱਕੀ ਮੰਗਾਂ ਵਾਸਤੇ ਆਵਾਜ਼ ਬੁਲੰਦ ਕਰਨ ਤੋਂ ਰੋਕਿਆ ਗਿਆ। ਉਹਨਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਆਗੂਆਂ ਤੇ ਸੈਂਕੜੇ ਕਿਸਾਨਾਂ ਮਜ਼ਦੂਰਾਂ ਦੀਆਂ ਵੱਡੇ ਪੱਧਰ ਤੇ ਗਿਰਫ਼ਤਾਰੀਆਂ ਕੀਤੀਆਂ ਗਈਆਂ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਸਰਕਾਰ ਦੀਆਂ ਕੋਝੀਆਂ ਹਰਕਤਾਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ ਅਤੇ ਸਰਕਾਰ ਨੂੰ ਤਾੜਨਾ ਕਰਦੀ ਹੈ ਕਿ ਗਿਰਫ਼ਤਾਰ ਕੀਤੇ ਕਿਸਾਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਨਾਲ ਹੀ ਆਉਣ ਵਾਲੇ ਸਮੇਂ ਵਿੱਚ ਸਰਕਾਰ ਇਹਨਾਂ ਕੋਝੀਆਂ ਹਰਕਤਾਂ ਤੋਂ ਬਾਜ਼ ਆਵੇ ਅਤੇ ਪੰਜਾਬ ਦੇ ਕਿਸਾਨਾਂ ਮਜ਼ਦੂਰਾਂ ਨੂੰ ਸ਼ਾਂਤ ਮਈ ਢੰਗ ਨਾਲ ਰਾਜਧਾਨੀ ਵਿੱਚ ਧਰਨਾ ਪ੍ਰਦਰਸ਼ਨ ਕਰਨ ਦਿੱਤਾ ਜਾਵੇ। ਇਸ ਮੌਕੇ ਮੰਗ ਕੀਤੀ ਗਈ ਕਿ ਸ਼ੰਭੂ ਅਤੇ ਖਨੌਰੀ ਸਮੇਂਤ ਚੱਲ ਰਹੇ ਧਰਨਿਆਂ ਦੀਆਂ 12 ਮੰਗਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ। ਜਿਵੇਂ ਐਮ ਐਸ ਪੀ ਗਰੰਟੀ ਦਾ ਕਾਨੂੰਨ 32+50 ਫਾਰਮੂਲਾ ਨਾਲ ਫਸਲਾਂ ਦੇ ਭਾਅ ਦੇਸ਼ ਦੇ ਕਿਸਾਨਾਂ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਖਤਮ ਦੇਸ਼ ਦੇ ਪਹਿਲੇ ਅੰਦੋਲਨ ਦੌਰਾਨ ਕੀਤੇ ਪਰਚੇ ਰੱਦ ਕਰਨ ਆਦਿ ਮੰਗਾਂ ਨੂੰ ਤੁਰੰਤ ਮੰਨਿਆ ਜਾਵੇ।ਇਸ ਮੌਕੇ ਰੇਸ਼ਮ ਸਿੰਘ ਜੋਗਾ ਸਿੰਘ ਵਾਲਾ, ਮੰਗਲ ਸਿੰਘ ਦਸ਼ਮੇਸ਼ ਨਗਰ, ਮੁਖਬੈਨ ਸਿੰਘ ਜੋਧਾ ਨਗਰੀ, ਜਸਪਾਲ ਸਿੰਘ ਨਵਾਂ ਕੋਟ, ਹਰਕੀਰਤ ਸਿੰਘ, ਸਿਮਰਨਜੀਤ ਸਿੰਘ ਜੰਡਿਆਲਾ ਗੁਰੂ, ਅਨੋਖ ਸਿੰਘ , ਹਰਜੀਤ ਸਿੰਘ ਬੁੰਡਾਲਾ, ਅੰਗਰੇਜ਼ ਸਿੰਘ ਜੋਗਾ ਸਿੰਘ ਵਾਲਾ ਜਗਰੂਪ ਸਿੰਘ ਦੇਵੀਦਾਸ ਪੁਰ , ਇੰਦਰ ਸਿੰਘ ਗੁਨੋਵਾਲ ਆਦਿ ਕਿਸਾਨ ਹਾਜ਼ਰ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

ਬਾਦਲਕਿਆਂ ਦੀ ਭਰਤੀ ਹੋਈ ਰੱਦ, ਪੰਜ ਮੈਂਬਰੀ ਕਰੇਗੀ 18 ਮਾਰਚ ਤੋਂ ਭਰਤੀ ਮੁਹਿੰਮ ਸ਼ੁਰੂ

# ਜਥੇਦਾਰ ਬਣੇ ਅਕਾਲੀ ਫੂਲਾ ਸਿੰਘ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 5 ਮਾਰਚ ( ਕੁਲਵੰਤ ਸਿੰਘ ਵਿਰਦੀ)**-ਆਖਿਰ ਸਿੱਖਾਂ ਦੀ ਸਰਵਉੱਚ ਪਾਵਰ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਬੜੀ ਬਹਾਦਰੀ ਤੇ ਦਲੇਰੀ ਨਾਲ ਅਕਾਲੀ ਫੂਲਾ ਸਿੰਘ ਦੇ ਇਤਿਹਾਸ ਨੂੰ ਯਾਦ ਕਰਾਉਣ ਦਾ ਫੈਸਲਾ ਲੈ ਲਿਆ ਅਤੇ ਇਸ ਦੀ ਸ਼ੁਰੂਆਤ ਉਨ੍ਹਾਂ ਪੱਤਰਕਾਰਾਂ ਵੱਲੋਂ ਬੀਤੇ ਦਿਨੀਂ ਪੁੱਛੇ ਸਵਾਲਾਂ ਦੇ ਜਵਾਬ'ਚ ਉਦੋਂ ਕੀਤੀ ਜਦੋਂ ਉਨ੍ਹਾਂ ਨੂੰ ਹਟਾਉਣ ਬਾਰੇ ਪੁੱਛਿਆ ਤਾਂ ਉਨ੍ਹਾਂ ਸ਼ੇਰ ਵਾਗ ਗਰਜਦਿਆਂ ਸਪੱਸ਼ਟ ਕੀਤਾ ਸੀ "ਮੈਂ ਆਪਣਾ ਬੈਗ ਭਰੀ ਬੈਠਾ ਹਾਂ" ਪਰ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਹੋਏ ਹੁਕਮਾਂ ਅਨੁਸਾਰ ਬਣਾਈ ਕਮੇਟੀ ਹੀ ਅਕਾਲੀ ਦਲ ਨਵੀਂ ਭਰਤੀ ਕਰੇਗੀ, ਵਾਕਿਆ ਹੀ ਜਥੇਦਾਰ ਸਾਹਿਬ ਨੇ ਆਪਣੇ ਬੋਲਾਂ ਤੇ ਪਹਿਰਾ ਦੇਂਦਿਆਂ ਅਕਾਲ ਤਖ਼ਤ ਸਾਹਿਬ ਤੋਂ ਬਣਾਈ ਕਮੇਟੀ ਨੂੰ ਆਦੇਸ਼ ਦੇ ਦਿੱਤਾ ਹੈ ਕਿ ਉਹ ਭਰਤੀ ਮੁਹਿੰਮ ਸ਼ੁਰੂ ਕਰੇ ਅਤੇ ਹੁਣ ਪੰਜ ਮੈਂਬਰੀ ਕਮੇਟੀ ਨੇ ਜਥੇਦਾਰ ਸਾਹਿਬ ਜੀ ਦੇ ਹੁਕਮਾਂ ਅਨੁਸਾਰ 18 ਮਾਰਚ ਤੋਂ ਅਕਾਲੀ ਦਲ ਦੀ ਭਰਤੀ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕਰ ਦਿੱਤਾ ਹੈ ,ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਅਕਾਲ ਤਖ਼ਤ ਸਾਹਿਬ ਤੋਂ ਬਣਾਈ ਕਮੇਟੀ ਰਾਹੀਂ ਅਕਾਲੀ ਦਲ ਦੀ ਭਰਤੀ ਮੁਹਿੰਮ ਕਰਵਾਉਣ ਵਾਲੇ ਲੈਂ ਫੈਸਲੇ ਦੀ ਪੂਰਨ ਹਮਾਇਤ ਅਤੇ ਇਸ ਫੈਸਲੇ ਨੂੰ ਨਾਨਕ ਨਾਮ ਲੇਵਾ ਸੰਗਤਾਂ ਦੇ ਨਾਲ ਨਾਲ ਸਮੁੱਚੇ ਸਿੱਖ ਪੰਥ ਨੂੰ ਪ੍ਰਵਾਨਿਤ ਫੈਸਲਾ ਮੰਨਦੀ ਹੋਈ ਜਥੇਦਾਰ ਸਾਹਿਬ ਤੋਂ ਮੰਗ ਕਰਦੀ ਹੈ ਕਿ ਉਹ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋ ਕੇ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਨੂੰ ਸੱਟ ਮਾਰਨ ਤੇ ਦੇਸਾਂ ਵਿਦੇਸ਼ਾਂ'ਚ ਵੱਸਦੇ ਸਿੱਖਾਂ ਦੀਆਂ ਧਰਮੀਂ ਭਾਵਨਾਵਾਂ ਨੂੰ ਦੁਖ ਦੇਣ ਵਾਲੇ ਬਾਦਲਕਿਆਂ ਨੂੰ ਤਖ਼ਤ ਵਿਰੋਧੀ ਸ਼ਬਕ ਸਖਾਉਣ ਹਿੱਤ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ'ਚ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਸਿੱਖ ਪੰਥ ਵਿੱਚੋ ਛੇਕਣ ਦਾ ਹੁਕਮ ਸੁਣਾਉਂਣ ਦੀ ਲੋੜ ਤੇ ਜ਼ੋਰ ਦੇਣ,ਤਾਂ ਹੀ ਅਕਾਲੀ ਫੂਲਾ ਸਿੰਘ ਵਾਲੇ ਪੁਰਾਤਨ ਇਤਿਹਾਸ ਨੂੰ ਉਜਾਗਰ ਕੀਤਾ ਜਾ ਸਕਦਾ ਹੈ ਅਤੇ ਭਵਿੱਖ'ਚ ਆਪਣੇ ਆਪ ਨੂੰ ਅਕਾਲੀ ਆਗੂ ਅਖਵਾਉਣ ਵਾਲਾ ਕੋਈ ਵੀ ਸਿਰਫਿਰਿਆ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋਣ ਦੀ ਹਿੰਮਤ ਨਹੀਂ ਕਰ ਸਕੇਗਾ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਜਥੇਦਾਰ ਸਾਹਿਬ ਵੱਲੋਂ ਪੰਜ ਮੈਂਬਰੀ ਕਮੇਟੀ ਨੂੰ ਨਵੀਂ ਭਰਤੀ ਕਰਨ ਦੇ ਦਿੱਤੇ ਹੁਕਮਾਂ ਦੀ ਪੂਰਨ ਹਮਾਇਤ, ਸ਼ਲਾਘਾ ਤੇ ਜਥੇਦਾਰ ਸਾਹਿਬ ਤੋਂ ਬਾਦਲਕਿਆਂ ਨੂੰ ਅਕਾਲ ਤਖ਼ਤ ਸਾਹਿਬ ਤੋਂ ਛੇਕਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਕਿ ਬਾਦਲਕੇ ਸਮਝਦੇ ਸਨ ਕਿ ਜਿਵੇਂ ਗਿਆਨੀ ਹਰਪ੍ਰੀਤ ਸਿੰਘ ਜੀ ਦੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਵਿਰੁੱਧ ਆਪਣੀ ਕਮੇਟੀ ਰਾਹੀਂ ਛੁੱਟੀ ਕੀਤੀ ਗਈ ਸ਼ਾਇਦ ਇਸ ਤਰ੍ਹਾਂ ਹੀ ਭਰਤੀ ਮੁਹਿੰਮ ਲਈ ਬਣਾਈ 7 ਮੈਂਬਰੀ ਕਮੇਟੀ ਨੂੰ ਅਣਗੌਲਿਆਂ ਕਰਕੇ ਆਪਣੀ ਹੀ ਕਮੇਟੀ ਤੋਂ ਪੈਂਤੀ ਲੱਖ ਦੀ ਫਰਜੀ ਭਰਤੀ ਕਰਵਾ ਪੰਥ ਦੋਖੀ ਸੁਖਬੀਰ ਸਿਓ ਨੂੰ ਮੁੜ ਅਕਾਲੀ ਦਲ ਪ੍ਰਧਾਨ ਸਿੱਖ ਪੰਥ ਦੇ ਸਿਰ ਮੜ੍ਹ ਦਿਤਾ ਜਾਵੇਗਾ ਭਾਈ ਖਾਲਸਾ ਨੇ ਕਿਹਾ ਬਾਦਲਾ ਦੀ ਪੰਥ ਵਿਰੋਧੀ ਮੌਕਾ ਪ੍ਰਸਤੀ ਵਾਲੀ ਨੀਤੀ ਦਾ ਭਾਂਡਾ ਉਸ ਵਕਤ ਵਿਚ ਚੋਰਾਹੇ ਭੱਜ ਗਿਆ, ਜਦੋਂ ਜਥੇਦਾਰ ਅਕਾਲ ਤਖ਼ਤ ਸਾਹਿਬ ਨੇ ਅਕਾਲ ਤਖ਼ਤ ਤੋਂ ਬਣਾਈ ਕਮੇਟੀ ਨੂੰ ਅਕਾਲੀ ਦਲ ਦੀ ਨਵੀਂ ਭਰਤੀ ਕਰਨ ਦੇ ਹੁਕਮ ਦੇ ਦਿੱਤੇ ਅਤੇ ਬਾਦਲਾਂ ਨਾਲ ਸੌ ਗੰਡਾ ਵੀ ਖਾਦਾ ਤੇ ਸੌ ਸਿੱਤਰਾਂ ਵਾਲੀ ਕਹਾਵਤ ਸੱਚ ਸਾਬਤ ਹੋਈ, ਭਾਈ ਖਾਲਸਾ ਨੇ ਕਿਹਾ ਹੁਣ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੂੰ ਸਿੱਖ ਕੌਮ ਦੀ ਅਵਾਜ਼ ਅਨੁਸਾਰ ਬਾਦਲਕਿਆਂ ਨੂੰ ਤਖ਼ਤ ਵਿਰੋਧੀ ਦੋਸ਼ਾਂ ਤਹਿਤ ਪੰਥ'ਚ ਛੇਕ ਦੇਣ ਤੋਂ ਪਿੱਛੇ ਨਹੀਂ ਹਟਣਾ ਨਹੀਂ ਚਾਹੀਦਾ, ਭਾਈ ਖਾਲਸਾ ਨੇ ਕਿਹਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਪੰਜ ਮੈਂਬਰੀ ਕਮੇਟੀ ਨੂੰ ਅਕਾਲੀ ਦਲ ਦੀ ਨਵੀਂ ਭਰਤੀ ਮੁਹਿੰਮ ਚਲਾਉਣ ਲਈ ਦਿੱਤੀ ਆਗਿਆ ਤੇ ਬਾਦਲਕਿਆਂ ਦੀ ਤਖ਼ਤ ਵਿਰੋਧੀ ਬਣਾਈ ਪੈਠ ਲੱਖ ਦੀ ਫਰਜੀ ਭਰਤੀ ਨੂੰ ਅਣਗੌਲਿਆਂ ਤੇ ਰੱਦ ਕਰਨ ਵਾਲੇ ਫੈਸਲੇ ਦੀ ਪੂਰਨ ਹਮਾਇਤ ਅਤੇ ਇਸ ਨੂੰ ਸਮੇਂ ਅਤੇ ਲੋਕਾਂ ਦੀ ਮੰਗ ਵਾਲਾ ਸ਼ਲਾਘਾਯੋਗ ਫ਼ੈਸਲਾ ਮੰਨਦੀ ਹੋਈ ਜਥੇਦਾਰ ਸਾਹਿਬ ਤੋਂ ਮੰਗ ਕਰਦੀ ਹੈ ਤਖ਼ਤ ਵਿਰੋਧੀ ਬਾਦਲਕਿਆਂ ਨੂੰ ਅਕਾਲ ਤਖ਼ਤ ਸਾਹਿਬ ਤੋਂ ਛੇਕ ਦਿੱਤਾ ਜਾਵੇ ਤਾਂ ਹੀ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਪਰੰਪਰਾ ਮਰਯਾਦਾ ਨੂੰ ਕਾਇਮ ਰੱਖਿਆ ਜਾ ਸਕਦਾ ਹੈ, ਭਾਈ ਖਾਲਸਾ ਨੇ ਦੱਸਿਆ ਇਹ ਤਾਂ ਸਮੇਂ ਦੀ ਕੁੱਖ ਵਿੱਚ ਹੈ ਕਿ ਬਾਦਲ ਕੇ ਹੁਣ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਦੀ ਛੁੱਟੀ ਕਰਦੇ ਹਨ ਜਾ ਚੁੱਪ ਰਹਿੰਦੇ ਹਨ ਸਮਾਂ ਤਹਿ ਕਰੇਗਾ, ਪਰ ਲੋਕ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਦੇ ਫੈਸਲੇ ਤੇ ਖੁਸ਼ ਹਨ ,ਇਸ ਮੌਕੇ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ ਤੇ ਭਾਈ ਸੁਰਜੀਤ ਸਿੰਘ ਕਮਾਲਕੇ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਜਗਜੀਤ ਸਿੰਘ ਸੈਦੇਸਾਹ ਵਾਲਾ ਭਾਈ ਬਲਕਾਰ ਸਿੰਘ ਦਾਰੇਵਾਲ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਬਲਵਿੰਦਰ ਸਿੰਘ ਖਡੂਰ ਸਾਹਿਬ ਭਾਈ ਇੰਦਰਜੀਤ ਸਿੰਘ ਤੇ ਭਾਈ ਜਸਵਿੰਦਰ ਸਿੰਘ ਕਾਉਂਕੇ ਆਦਿ ਆਗੂ ਹਾਜਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਡੇਰਾ ਸਾਹਿਬ ਬਾਬਾ ਵਡਭਾਗ ਸਿੰਘ ਦੀਆਂ 3 ਲੱਖ ਸੰਗਤਾਂ ਲਈ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਦੇ ਸਰਪ੍ਰਸਤ ਸੰਤ ਜਰਨੈਲ ਸਿੰਘ ਦੀ ਅਗਵਾਈ 'ਚ ਲੰਗਰ, ਰਸਦਾ ਦੀਆਂ 5 ਟਰਾਲੀਆਂ ਰਵਾਨਾ : ਸੰਤ ਸੁਖਵਿੰਦਰ ਸਿੰਘ



**ਜੰਡਿਆਲਾ ਗੁਰੂ, 5 ਮਾਰਚ ( ਕੁਲਵੰਤ ਸਿੰਘ ਵਿਰਦੀ)**-ਹੋਲੇ ਮਹੱਲੇ ਨੂੰ ਸਮਰਪਿਤ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਲੁਧਿਆਣਾ ਦੇ ਸਰਪ੍ਰਸਤ ਸੰਤ ਜਰਨੈਲ ਸਿੰਘ ਦੀ ਅਗਵਾਈ'ਚ ਡੇਰਾ ਸਾਹਿਬ ਬਾਬਾ ਵਡਭਾਗ ਸਿੰਘ ਦੀਆਂ ਤਿੰਨ ਲੱਖ ਸੰਗਤਾਂ ਲਈ ਲੰਗਰ ਰਸਤਾ ਦੀਆਂ 5 ਟਰਾਲੀਆਂ ਗੁਰਦੁਆਰਾ ਸਾਹਿਬ ਦੇ ਮੁੱਖੀ ਸੰਤ ਮਹਾਂਪੁਰਸ਼ ਬਾਬਾ ਸੁਖਵਿੰਦਰ ਸਿੰਘ ਜੀ ਦੇ ਅਰਦਾਸ ਕਰਨ ਤੋਂ ਉਪਰੰਤ ਰਵਾਨਾ ਹੋਈਆਂ, ਜਿਥੇ 6 ਮਾਰਚ ਤੋਂ 16 ਮਾਰਚ ਤਕ ਅਟੁੱਟ ਲੰਗਰ ਚਲਾਏ ਜਾਣਗੇ ਅਤੇ ਹੋਲੇ ਮਹੱਲੇ ਨੂੰ ਸਮਰਪਿਤ ਧਾਰਮਿਕ ਦੀਵਾਨ ਸਜਾਏ ਜਾਣਗੇ, ਸ਼ਰਧਾਲੂਆਂ ਵੱਲੋਂ ਰਖਵਾਏ ਜਾਂਦੇ ਅਖੰਡ ਪਾਠਾਂ ਦੀ ਲੜੀ ਚਲਾਈ ਜਾਵੇਗੀ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਜਾਣਗੇ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗੁਰਦੁਆਰਾ ਸਾਹਿਬ ਦੇ ਮੁੱਖੀ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਨਾਲ ਇਸ ਸਬੰਧੀ ਗੱਲਬਾਤ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ ਸੰਤ ਜਰਨੈਲ ਸਿੰਘ ਜੀ ਅਤੇ ਸਵਰਗੀ ਮਾਤਾ ਪ੍ਰਕਾਸ਼ ਕੌਰ ਸੰਧੂ ਦੀ ਪ੍ਰੇਰਨਾ ਸਦਕਾ ਉਹਨਾਂ ਦੇ ਮਹਾਨ ਸਪੂਤ ਤੇ ਸੰਤ ਸਮਾਜ ਦੇ ਮੁੱਖ ਬੁਲਾਰੇ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਸਮੂਹ ਗੁਰੂ ਸਾਹਿਬਾਨਾਂ ਨਾਲ਼ ਸਬੰਧਤ ਸਾਰੇ ਇਤਿਹਾਸਕ ਜੋੜ ਮੇਲਿਆਂ ਤੇ ਲੰਗਰ ਚਲਾਉਣ ਵਾਲੀ ਵਿੱਢੀ ਮੁਹਿੰਮ ਤਹਿਤ ਇਸ ਸਾਲ ਹੋਲੇ ਮਹੱਲੇ ਨੂੰ ਸਮਰਪਿਤ ਗੁਰਦੁਆਰਾ ਡੇਰਾ ਬਾਬਾ ਵਡਭਾਗ ਸਿੰਘ ਸਿੰਘ ਦੀਆਂ ਤਿੰਨ ਲੱਖ ਸੰਗਤਾਂ ਨੂੰ ਲੰਗਰ ਛਕਾਉਣ ਹਿੱਤ ਗੁਰਦੁਆਰਾ ਸਾਹਿਬ ਤੋਂ ਲੰਗਰ ਰਸਤਾ ਦੀਆਂ ਪੰਜ ਟਰਾਲੀਆਂ ਸੰਤ ਜਰਨੈਲ ਸਿੰਘ ਜੀ ਦੀ ਅਗਵਾਈ ਹੇਠ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਨੰਗਲ ਬੇਟ ਫਿਲੌਰ ਲੁਧਿਆਣਾ ਤੋਂ ਰਵਾਨਾ ਹੋਈਆ, ਭਾਈ ਖਾਲਸਾ ਨੇ ਦੱਸਿਆ ਇਹ ਲੰਗਰ ਸੇਵਾ 6 ਮਾਰਚ ਤੋਂ 16 ਮਾਰਚ ਤੱਕ 24 ਘੰਟੇ ਦਿਨ ਰਾਤ ਚੱਲੇਗੀ, ਭਾਈ ਖਾਲਸਾ ਨੇ ਦੱਸਿਆ ਇਸ ਦਰਮਿਆਨ ਅਖੰਡ ਪਾਠਾਂ ਦੀ ਲੜੀ ਲਗਾਤਾਰ ਜਾਰੀ ਰਹੇਗੀ ਅਤੇ 16 ਮਾਰਚ ਨੂੰ ਲੰਗਰ ਸਮਾਪਤੀ ਦੀ ਅਰਦਾਸ ਤੋਂ ਬਾਅਦ ਵਾਪਸੀ ਦੇ ਚਾਲੇ ਪਾਏ ਜਾਣਗੇ, ਭਾਈ ਖਾਲਸਾ ਨੇ ਦੱਸਿਆ ਬਾਬਾ ਸੁਖਵਿੰਦਰ ਸਿੰਘ ਜੀ ਮੁੱਖ ਪ੍ਰਬੰਧਕ, ਸੰਤ ਜਰਨੈਲ ਸਿੰਘ ਜੀ ਤੋਂ ਬਾਬਾ ਦਾਰਾ ਸਿੰਘ ਭਾਈ ਹਰਜੀਤ ਸਿੰਘ ਭਾਈ ਗੁਰਮੇਲ ਸਿੰਘ ਤੋਂ ਇਲਾਵਾ ਚਾਰ ਦਰਜਨ ਦੇ ਲਗਭਗ ਸੇਵਾਦਾਰ ਤੇ ਸੈਂਕੜੇ ਸੰਗਤਾਂ ਲੰਗਰ ਦੀ ਸੇਵਾ ਲਈ ਨਿਯੁਕਤ ਕੀਤੀਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਰੂਰੀ ਮੁਰੰਮਤ ਦੌਰਾਨ ਬਿਜਲੀ ਰਹੇਗੀ ਬੰਦ

**ਚੌਕ ਮਹਿਤਾ, 5 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ)**-ਉਪਮੰਡਲ ਅਫ਼ਸਰ ਚਾਟੀਵਿੰਡ ਸ੍ਰੀ ਸੁਧੀਰ ਚੌਧਰੀ ਨੇ ਦੱਸਿਆ ਕਿ ਮਿਤੀ 6 ਮਾਰਚ ਦਿਨ ਵੀਰਵਾਰ ਨੂੰ 132 ਕੇ.ਵੀ ਸਕੱਤਰੀ ਬਾਗ.ਤੋ ਚੱਲਣ ਵਾਲਾ 11 ਕੇ.ਵੀ ਫੀਡਰ ਕੋਟ ਬਾਬਾ ਦੀਪ ਸਿੰਘ ਜੀ ਜਰੂਰੀ ਮੁਰੰਮਤ ਦੌਰਾਨ ਸਵੇਰੇ 10 ਵਜੇ ਤੋਂ 4 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।

# ਗਲੀ ਪਰ ਕਬਜ਼ਾ ਕਰਨ ਤੋਂ ਰੋਕਣ ਤੇ ਕੀਤਾ ਹਮਲਾ—ਅਸ਼ਵਨੀ ਕੁਮਾਰ, ਬਲਦੇਵ ਰਾਜ



**ਫ਼ਿਰੋਜ਼ਪੁਰ, 5 ਮਾਰਚ (ਮਨੋਹਰ ਲਾਲ) :—** ਗਲੀ ਪਰ ਕਬਜ਼ਾ ਕਰਨ ਵਾਲਿਆਂ ਵਿਰੁੱਧ ਆਵਾਜ਼ ਬੁਲੰਦ ਕਰਕੇ ਪੁਲਿਸ ਤੇ ਸਿਵਲ ਪ੍ਰਸ਼ਾਸਨ ਨੂੰ ਲਿਖਤੀ ਦਰਖਾਸਤਾਂ ਦੇਣ ਵਾਲਿਆਂ ਨੇ ਕਬਜ਼ਾਧਾਰੀ ਉਪਰ ਮਾਰਕੁਟ ਦੇ ਲਾਏ ਦੋਸ਼। ਗੱਲਬਾਤ ਕਰਦਿਆਂ ਅਸ਼ਵਨੀ ਕੁਮਾਰ ਪੁੱਤਰ ਰਾਮ ਨਾਥ ਅਤੇ ਬਲਦੇਵ ਰਾਜ ਪੁੱਤਰ ਹੰਸ ਰਾਜ ਵਾਸੀਆਨ ਬਸਤੀ ਭੱਟੀਆਂ ਵਾਲੀ, ਮੇਨ ਖਾਈ ਰੋਡ, ਨਜਦੀਕ ਗਲੀ ਨੰਬਰ 6 ਫ਼ਿਰੋਜ਼ਪੁਰ ਨੇ ਦੋਸ਼ ਲਾਇਆ ਕਿ 19 ਫਰਵਰੀ ਨੂੰ ਗਲੀ ਵਿਚ ਵਸਦੇ ਵਿਜੈ ਕੁਮਾਰ ਖੁਰਾਣਾ ਉਰਫ ਗੰਗੂ ਪੁੱਤਰ ਅਮਰ ਨਾਥ ਅਤੇ ਉਸ ਦੇ ਲੜਕੇ ਰਜਿੰਦਰ ਕੁਮਾਰ ਖੁਰਾਣਾ, ਗੌਰਵ ਖੁਰਾਣਾ ਵੱਲੋਂ ਗਲੀ ਵਿਚ 2 ਫੁੱਟ ਗਲੀ ਘੇਰ ਕੇ ਕਬਜ਼ਾ ਕਰਕੇ ਕੰਮ ਕਰ ਲਈ ਸੀ, ਜਿਸ ਬਾਬਤ ਉਨ੍ਹਾਂ ਨੇ ਨਗਰ ਕੌਂਸਲ ਸਮੇਤ ਪੁਲਿਸ ਥਾਣਾ ਚੌਂਕੀ ਬਾਰਡਰ ਵਿਖੇ ਲਿਖਤੀ ਦਰਖਾਸਤਾਂ ਦਿੱਤੀਆਂ ਸਨ, ਜਿਸ ਤੇ ਕਾਰਵਾਈ ਕਰਦੇ ਹੋਏ ਨਗਰ ਕੌਂਸਲ ਵੱਲੋਂ ਉਕਤ ਨਜਾਇਜ਼ ਕੀਤੀ ਕੰਧ ਢਾਹੁਣ ਦੇ ਨਾਲ—ਨਾਲ ਮਲਬਾ ਜਬਤ ਕਰਕੇ ਲੈ ਗਏ ਸਨ। ਉਨ੍ਹਾਂ ਕਿਹਾ ਕਿ ਹੁਣ ਉਕਤ ਮੁਲਜ਼ਮਾਂ ਵੱਲੋਂ ਸ਼ਰੇਆਮ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ ਅਤੇ ਕਹਿੰਦੇ ਹਨ ਕਿ ਅਸੀਂ ਕਬਜ਼ਾ ਤਾਂ ਕਰ ਹੀ ਲੈਣਾ, ਸਾਡਾ ਕੋਈ ਕੁਝ ਨਹੀਂ ਵਿਗਾੜ ਸਕਦਾ। ਉਨ੍ਹਾਂ ਕਿਹਾ ਕਿ 21 ਫਰਵਰੀ ਨੂੰ ਉਕਤ ਮੁਲਜ਼ਮ ਝਗੜਾ ਕਰਦੇ ਹੋਏ ਮਾਰਕੁਟਾਈ ਕਰਨ ਲੱਗੇ, ਜਿਸ ਤੇ ਸਾਡੇ ਸੱਟਾਂ ਵੱਜੀਆਂ ਅਤੇ ਅਸੀਂ ਆਪਣਾ ਇਲਾਜ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਕਰਵਾਇਆ, ਜਿਥੇ ਐਮ.ਐਲ.ਆਰ ਕੱਟੀ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਆਲਮ ਇਹ ਬਣ ਚੁੱਕਾ ਹੈ ਕਿ ਉਕਤ ਮੁਲਜ਼ਮ ਸਾਡੇ ਨਾਲ ਕਦੇ ਵੀ ਮਾੜਾ ਵਿਵਹਾਰ ਕਰਦੇ ਹੋਏ ਸਾਡਾ ਜਾਨੀ—ਮਾਲੀ ਨੁਕਸਾਨ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਉਕਤ ਮੁਲਜ਼ਮ ਦੁਬਾਰਾ ਫਿਰ ਗਲੀ ਵਿਚ ਇੱਟਾਂ—ਰੋੜੇ ਰੱਖੀ ਬੈਠੇ ਹਨ ਅਤੇ ਦੁਬਾਰਾ ਕੰਧ ਕਰਨ ਦੀ ਤਾਕ ਵਿਚ ਹਨ। ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨੂੰ ਲਿਖੇ ਬੇਨਤੀ ਪੱਤਰ ਵਿਚ ਪੀੜਤਾਂ ਨੇ ਮੰਗ ਕੀਤੀ ਕਿ ਬਿਨ੍ਹਾਂ ਦੇਰੀ ਉਕਤ ਮੁਲਜ਼ਮਾਂ ਵਿਰੁੱਧ ਕਾਨੂੰਨੀ ਕਾਰਵਾਈ ਕਰਦੇ ਹੋਏ ਉਨ੍ਹਾਂ ਨੂੰ ਇਨਸਾਫ ਦਿਵਾਇਆ ਜਾਵੇ।

### ਖੱਤਰੀ ਵੈਲਫੇਅਰ ਸਭਾ ਨੇ ਮੁੱਖ ਮੰਤਰੀ ਦੇ ਨਾਮ ਡਿਪਟੀ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ

# ਸ਼ਹੀਦ ਸੁਖਦੇਵ ਥਾਪਰ ਦੀ ਯਾਦਗਾਰ ਦੀ ਕੀਤੀ ਵਕਾਲਤ



**ਫ਼ਿਰੋਜ਼ਪੁਰ, 5 ਮਾਰਚ (ਮਨੋਹਰ ਲਾਲ) :—** ਪੰਜਾਬ ਦੇ 35 ਲੱਖ ਖੱਤਰੀਆਂ ਦੀ ਮੰਗ ਨੂੰ ਉਜਾਗਰ ਕਰਦੇ ਹੋਏ ਪੰਜਾਬ ਭਰ ਵਿਚ ਅੱਜ ਡਿਪਟੀ ਕਮਿਸ਼ਨਰ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਭੇਜੇ ਮੰਗ ਪੱਤਰ ਤਹਿਤ ਫ਼ਿਰੋਜ਼ਪੁਰ ਵਿਖੇ ਵੱਡੀ ਤਦਾਦ ਖੱਤਰੀਆਂ ਨੇ ਇਕੱਤਰ ਹੋ ਦੇਸ਼—ਕੌਮ ਦੇ ਸ਼ਹੀਦ ਸੁਖਦੇਵ ਥਾਪਰ ਦੇ ਜੱਦੀ ਘਰ ਨੂੰ ਜਾਂਦੇ ਰਾਹ ਦੀ ਵਕਾਲਤ ਕੀਤੀ। ਇਸ ਮੌਕੇ ਗੱਲਬਾਤ ਕਰਦਿਆਂ ਖੱਤਰੀ ਮਹਾਂ ਸਭਾ ਪੰਜਾਬ ਦੇ ਜਨਰਲ ਸਕੱਤਰ ਪਵਨ ਭੰਡਾਰੀ ਅਤੇ ਖੱਤਰੀ ਵੈਲਫੇਅਰ ਸਭਾ ਫ਼ਿਰੋਜ਼ਪੁਰ ਦੇ ਪ੍ਰਧਾਨ ਲਵਕੇਸ਼ ਕੱਕੜ ਨੇ ਸਪੱਸ਼ਟ ਕੀਤਾ ਕਿ ਅੰਗਰੇਜਾਂ ਦੀ ਗੁਲਾਮੀ ਤੋਂ ਭਾਰਤ ਵਾਸੀਆਂ ਨੂੰ ਆਜ਼ਾਦ ਕਰਵਾਉਣ ਵਾਲੇ ਸ਼ਹੀਦ ਭਗਤ ਸਿੰਘ, ਸੁਖਦੇਵ ਥਾਪਰ ਅਤੇ ਰਾਜਗੁਰੂ ਨੇ ਤਿੰਨ ਜਿੰਦਾਂ ਇਕ ਜਾਨ ਵਜੋਂ ਕੰਮ ਕਰਦੇ ਹੋਏ ਦੇਸ਼ ਦੇ ਹਾਕਮਾਂ ਨਾਲ ਆਡਾ ਲੈਂਦੇ ਹੋਏ ਅੰਗਰੇਜਾਂ ਨੂੰ ਭਾਰਤ ਛੱਡਣ ਲਈ ਮਜ਼ਬੂਰ ਕੀਤਾ। ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਦੇਸ਼—ਕੌਮ ਲਈ ਆਪਾ ਵਾਰਨ ਵਾਲੇ ਸ਼ਹੀਦ ਸੁਖਦੇਵ ਥਾਪਰ ਜਿਨ੍ਹਾਂ ਦਾ ਜਨਮ ਸਥਾਨ ਲੁਧਿਆਣਾ ਦੇ ਨੌਘਰਾ ਮੁਹੱਲਾ ਦੇ ਵਿਚ ਹੈ, ਜ਼ੋ ਕਿ ਕਾਫੀ ਲੰਬੇ ਸਮੇਂ ਤੋਂ ਇਕ ਪ੍ਰਯਾਸ ਚੱਲ ਰਿਹਾ ਹੈ ਕਿ ਚੌੜਾ ਬਜ਼ਾਰ ਵਿਚ ਪੀ.ਐਨ.ਬੀ ਬੈਂਕ ਵਾਲੀ ਗਲੀ ਤੋਂ ਸਿੱਧਾ ਰਾਹ ਨੌਘਰਾ (ਸ਼ਹੀਦ ਦੀ ਜਨਮ ਸਥਲੀ) ਨੂੰ ਦਵਾਇਆ ਜਾਵੇ। ਉਨ੍ਹਾਂ ਕਿਹਾ ਕਿ ਸ਼ਹੀਦ ਦੀ ਸ਼ਹਾਦਤ ਨੂੰ ਦੇਖਦਿਆਂ ਮੌਕੇ ਦੀ ਸਰਕਾਰ ਵੱਲੋਂ ਇਸ ਕਾਰਜ ਲਈ ਜਮੀਨ ਐਕਵਾਇਰ ਕਰਨ ਦੀ ਪ੍ਰਕਿਰਿਆ ਪੂਰੀ ਹੋ ਚੁੱਕੀ ਹੈ ਅਤੇ ਸਰਕਾਰ ਵੱਲੋਂ ਮੁਆਵਜਾ ਰਾਸ਼ੀ ਦੇ ਕੇ ਉਸ ਜਮੀਨ ਦਾ ਕਬਜਾ ਲੈਣਾ ਹੈ। ਗੱਲਬਾਤ ਕਰਦਿਆਂ ਸ੍ਰੀ ਭੰਡਾਰੀ ਨੇ ਸਪੱਸ਼ਟ ਕੀਤਾ ਕਿ 15 ਅਗਸਤ 2022 ਨੂੰ ਭਗਵੰਤ ਸਿੰਘ ਮਾਨ ਨੇ ਸ਼ਹੀਦ ਸੁਖਦੇਵ ਥਾਪਰ ਦੀ ਸ਼.ਹਾਦਤ ਨੂੰ ਯਾਦ ਕਰਦਿਆਂ ਇਸ ਮਾਰਗ ਲਈ ਸਰਕਾਰ ਨੂੰ ਹਲੂਣਾ ਦਿੱਤਾ ਸੀ ਅਤੇ ਹੁਣ ਬੜੇ ਸੁਭਾਗ ਦੀ ਗੱਲ ਹੈ ਕਿ ਭਗਵੰਤ ਸਿੰਘ ਮਾਨ ਨੇ ਬਤੌਰ ਮੁੱਖ ਮੰਤਰੀ ਪੰਜਾਬ ਦੀ ਵਾਂਗਡੋਰ ਸੰਭਾਲ ਲਈ ਹੈ ਅਤੇ ਹੁਣ ਸਮੂਹ ਖੱਤਰੀ ਬਰਾਦਰੀ ਮੰਗ ਕਰਦੀ ਹੈ ਕਿ ਆਉਣ ਵਾਲੀ 23 ਮਾਰਚ 2025 ਨੂੰ ਸ਼ਹੀਦੀ ਦਿਵਸ ਦੇ ਚਲਦਿਆਂ ਇਹ ਕਾਰਜ ਆਰੰਭ ਕਰਕੇ ਸ਼ਹੀਦ ਨੂੰ ਬਣਦਾ ਮਾਨ—ਸਨਮਾਨ ਦਿੱਤਾ ਜਾਵੇ ਤਾਂ ਜ਼ੋ ਦੇਸ਼—ਕੌਮ ਲਈ ਆਪਾ ਵਾਰਨ ਵਾਲਿਆਂ ਨੂੰ ਸੱਚੀ ਸ਼ਰਧਾਂਜਲੀ ਮਿਲ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਸਤ੍ਹਾ ਵਿਚ ਆਉਣ ਤੋਂ ਪਹਿਲਾਂ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ ਅਤੇ ਸ਼ਹੀਦ ਸੁਖਦੇਵ ਥਾਪਰ ਦੀ ਧਰਤੀ ਨਾਲ ਕੀਤਾ ਵਾਅਦਾ ਵੀ ਪੂਰਾ ਕੀਤਾ ਜਾਵੇ।

**ਮੁੱਖ ਮੰਤਰੀ ਪੰਜਾਬ ਆਪਣਾ ਕੀਤਾ ਵਾਅਦਾ ਕਰੇ ਵਫਾ—ਪਵਨ ਭੰਡਾਰੀ, ਲਵਕੇਸ਼ ਕੱਕੜ**

ਆਵਾਜ਼ਿ ਕੌਮ AWAZE QAUM International Newspaper & WEB TV

ਖੱਤਰੀ ਆਗੂਆਂ ਨੇ ਮੁੱਖ ਮੰਤਰੀ ਪੰਜਾਬ ਨੂੰ ਅਪੀਲ ਕੀਤੀ ਕਿ ਇਸ ਕਾਰੀਡੋਰ ਦਾ ਉਦਘਾਟਨ ਕਰੋ, ਉਸ ਤੋਂ ਪਹਿਲਾਂ ਬਣਦੀ ਮੁਆਵਜਾ ਰਾਸ਼ੀ ਰਿਲੀਜ ਕਰਕੇ ਸਰਕਾਰ ਉਥੇ ਕੌਰੀਡੋਰ ਬਣਾਵੇ ਤਾਂ ਜ਼ੋ ਆਉਣ ਵਾਲੀ ਯੁਵਾ ਪੀੜ੍ਹੀ ਨੂੰ ਇਹ ਪਤਾ ਲੱਗੇ ਕਿ ਇਹ ਕੰਮ ਕਾਫੀ ਲੰਬੇ ਸਮੇਂ ਤੋਂ ਪੈਡਿੰਗ ਸੀ, ਜ਼ੋ ਕਿ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਮਾਨਯੋਗ ਭਗਵੰਤ ਸਿੰਘ ਮਾਨ ਜੀ ਨੇ ਇਸ ਕੰਮ ਨੂੰ ਅੰਜਾਮ ਦਿੱਤਾ। ਇਸ ਮੌਕੇ ਪਰਦੀਪ ਬਿੰਦਰਾ ਸੀਨੀਅਰ ਮੀਤ ਪ੍ਰਧਾਨ, ਬਾਲ ਕ੍ਰਿਸ਼ਨ ਧਵਨ ਅਡਵਾਈਜ਼ਰ, ਦਵਿੰਦਰ ਧਵਨ ਮੀਤ ਪ੍ਰਧਾਨ, ਸੁਰਿੰਦਰ ਬੇਰੀ ਜਨਰਲ ਸਕੱਤਰ, ਗੌਰਵ ਬਹਿਲ ਚੀਫ ਸਪੋਕਸਪਰਸਨ, ਸ਼ਿਵੰਦਰ ਮਲਹੋਤਰਾ ਆਫਿਸ ਇੰਚਾਰਜ, ਅੰਕੁਸ਼ ਭੰਡਾਰੀ ਯੁਵਾ ਪ੍ਰਧਾਨ, ਪਰਵਿੰਦਰ ਖੁੱਲਰ ਅਗਜੈਕਟਿਵ ਮੈਂਬਰ, ਮੁਨੀਸ਼ ਮਹਿਤਾ ਯੁਵਾ ਆਗੂ ਸਮੇਤ ਵੱਡੀ ਗਿਣਤੀ ਖੱਤਰੀਆਂ ਨੇ ਸ਼ਿਰਕਤ ਕਰਦਿਆਂ ਸਰਕਾਰ ਨੂੰ ਅਪੀਲ ਕੀਤੀ ਕਿ ਮੁੱਖ ਮੰਤਰੀ ਪੰਜਾਬ ਆਪਣੇ ਕੀਤੇ ਵਾਅਦੇ ਨੂੰ ਵਫਾ ਕਰਨ ਤਾਂ ਜ਼ੋ ਖੱਤਰੀਆਂ ਦਾ ਵਿਸਵਾਸ਼ ਉਨ੍ਹਾਂ ਵਿਚ ਕਾਇਮ ਹੋ ਸਕੇ।

### ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ

# 13 ਲੋੜਵੰਦ ਲੜਕੀਆਂ ਦੇ ਕੀਤੇ ਆਨੰਦ ਕਾਰਜ

**ਫ਼ਿਰੋਜ਼ਪੁਰ, 5 ਮਾਰਚ (ਮਨੋਹਰ ਲਾਲ) :—** ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵੱਲੋਂ 13 ਲੋੜਵੰਦ ਲੜਕੀਆਂ ਦੇ ਵਿਆਹ ਆਨੰਦ ਕਾਰਜ ਕੀਤੇ ਗਏ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਵੀਸ਼ਰੀ ਅਤੇ ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਜਿਨ੍ਹਾਂ ਪਰਿਵਾਰਾਂ ਨੇ ਸ਼ਾਂਦੀਆਂ ਕੀਤੀਆਂ, ਉਨ੍ਹਾਂ ਵਿਚ ਸਰਦਾਰ ਗੁਰਨਾਮ ਸਿੰਘ ਬੀਬਾ ਪੁੰਨਿਆ ਕੌਰ ਇੰਗਲੈਂਡ ਇਕ ਸਾਦੀ, ਸਰਦਾਰ ਗੁਰਸੇਵਕ ਸਿੰਘ ਵੜੈਚ ਇੰਗਲੈਂਡ ਇਕ ਸ਼ਾਦੀ, ਸਰਦਾਰ ਕੁਲਵਿੰਦਰ ਜਗਰੂਪ ਸਿੰਘ ਚੀਮਾ ਛੇ ਸ਼ਾਦੀਆਂ, ਭੈਣ ਜੀ ਰਣਬੀਰ ਕੌਰ ਗੁਰਦੁਆਰਾ ਸਾਹਿਬ ਇਕ ਸ਼ਾਦੀ, ਸਰਦਾਰ ਮਨਜੀਤ ਸਿੰਘ ਗੰਗ ਕੰਡ ਇਕ ਸ਼ਾਦੀ, ਸਰਦਾਰ ਹਰਦੇਵ ਸਿੰਘ ਹੰਗਕੰਮ ਇਕ ਸ਼ਾਦੀ, ਪ੍ਰਿੰਸੀਪਲ ਸਰਦਾਰ ਰਣਜੀਤ ਦਾ ਬੇਟਾ ਸਰਦਾਰ ਗੁਰਪ੍ਰੀਤ ਸਿੰਘ ਫ਼ਿਰੋਜ਼ਪੁਰ ਇਕ ਸ਼ਾਦੀ, ਸਰਦਾਰ ਨਵਿੰਦਰ ਸਿੰਘ ਹਾਮਦ ਵਾਲਾ ਇਨ੍ਹਾਂ ਦੇ ਬੇਟੇ ਅਰਸ਼ਦੀਪ ਸਿੰਘ ਸਰਦਾਰ ਹਰਪ੍ਰੀਤ ਸਿੰਘ ਇੰਗਲੈਂਡ ਇਕ ਸ਼ਾਦੀ ਤੋਂ ਇਲਾਵਾ ਲਵਕਿਰਨ ਕੌਰ ਹੰਗ ਕੰਗ ਪ੍ਰੀਤ ਰਾਜ 13 ਕੰਬਲ ਦੀ ਸੇਵਾ ਹਰ ਸਾਲ ਦੀ ਤਰ੍ਹਾਂ ਸ: ਮਨਜੀਤ ਸਿੰਘ ਜੰਮੂ ਕਸ਼ਮੀਰ ਇਨ੍ਹਾਂ ਦੇ ਬੇਟੀ ਜਨਮੀਤ ਕੌਰ ਨੇ ਬਰਤਲਾਂ ਦੀ ਸੇਵਾ ਕੀਤੀ। ਇਸ ਤਰ੍ਹਾਂ ਮਾਤਾ ਸੁਖਦੀਪ ਕੌਰ ਸੁੱਧ ਸਿੰਘ ਵਾਲਾ 4 ਬਿਸਤਰਿਆਂ ਦੀ ਸੇਵਾ, ਗੁਰਚਰਨ ਸਿੰਘ ਗੁਲਾਮ ਪੱਤਰਾ ਦੋ ਬਿਸਤਰਿਆਂ ਦੀ ਸੇਵਾ, ਇਸ ਤੋਂ ਇਲਾਵਾ ਸੰਗਤ ਵੱਲੋਂ ਦੁੱਧ, ਸਬਜੀਆਂ, ਸੀਟਾਂ ਦੀ ਸੇਵਾ ਰਸਤਾ ਬਸਤਾ ਦੀ ਸੇਵਾ, ਇਸ ਮੌਕੇ ਤੇ 26 ਪਰਿਵਾਰਾਂ ਨੇ ਵਿਆਹ ਸ਼ਾਦੀਆਂ ਵਿਚ ਯੋਗਦਾਨ ਪਾਇਆ, ਉਨ੍ਹਾਂ ਨੂੰ ਸਤਿਕਾਰ ਯੋਗ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਸਨਮਾਨਿਤ ਕੀਤਾ। ਇਸ ਮੌਕੇ ਤੇ ਬਾਬਾ ਜੀ ਨੇ ਵਿਆਹ ਜ਼ੋੜਿਆਂ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਤੇ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਜਿਹੜੇ ਪਰਿਵਾਰਾਂ ਨੇ ਵਿਆਹ ਸ਼ਾਦੀਆਂ ਵਿਚ ਆਪਣਾ ਵੱਡਮੁੱਲਾ ਯੋਗਦਾਨ ਪਾਇਆ, ਅਸੀਂ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ। ਇਸ ਮੌਕੇ ਤੇ ਬਾਬਾ ਜੀ ਨੇ ਕਿਹਾ ਕਿ ਸਾਨੂੰ ਇਹੋ ਜਿਹੇ ਲੋਕ ਭਲਾਈ ਦੇ ਕੰਮ ਕਰਨੇ ਚਾਹੀਦੇ ਹਨ, ਕਿਉਂਕਿ ਮਨੁੱਖਤਾ ਦੀ ਸੇਵਾ ਇਕ ਸੱਚੀ ਸੁੱਚੀ ਸੇਵਾ ਹੈ, ਇਹ ਜਿਹੜਾ ਗਰੀਬ ਅਤੇ ਲੋੜਵੰਦ ਬੱਚੀਆਂ ਦੀ ਸ਼ਾਦੀ ਇਕ ਬਹੁਤ ਵੱਡਾ ਪੁੰਨ ਹੈ, ਸਾਨੂੰ ਇਹੋ ਜਿਹੇ ਕਾਰਜਾਂ ਵਿਚ ਵੱਧ ਤੋਂ ਵੱਧ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਤੇ ਭਾਈ ਕੁਲਦੀਪ ਸਿੰਘ ਲੱਖੋ ਕੇ ਬਹਿਰਾਮ ਦਮਦਮੀ ਟਕਸਾਲ ਨੇ ਸਟੇਜ਼ ਦੀ ਸੇਵਾ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਭਾਈ ਨਿਰਵੈਰ ਸਿੰਘ, ਮੈਨੇਜਰ ਇੰਦਰਪਾਲ ਸਿੰਘ ਨੇ ਸੰਗਤਾਂ ਦੀ ਸੇਵਾ ਹੱਥੀਂ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਮਿਠਾਈਆਂ ਦਾ ਲੰਗਰ, ਚਾਹ—ਪਕੌੜਿਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

# ਕਿਸਾਨਾਂ ਦੀ ਗ੍ਰਿਫਤਾਰੀ ਵਿਰੁੱਧ ਲਾਮਬੰਦ ਹੋਏ ਕਿਸਾਨ ਆਗੂ



**ਫ਼ਿਰੋਜ਼ਪੁਰ, 5 ਮਾਰਚ (ਮਨੋਹਰ ਲਾਲ) :—** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਬਲਾਕ ਗੁਰੂਹਰਸਹਾਏ 1 ਅਤੇ ਬਲਾਕ ਗੁਰੂਹਰਸਹਾਏ 2 ਵੱਲੋਂ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਜ਼ਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ ਬਲਾਕ ਪ੍ਰਧਾਨ ਗੁਰੂ ਹਰ ਸਹਾਏ 1 ਅਸ਼ੋਕ ਕੁਮਾਰ ਜੰਡਵਾਲਾ ਬਲਾਕ ਗੁਰੂ ਹਰ ਸਹਾਏ 2 ਬਲਾਕ ਪ੍ਰਧਾਨ ਸੁਖਦੇਵ ਢੋਟ ਦੀ ਅਗਵਾਈ ਹੇਠ ਗੋਲੂ ਕੇ ਮੋੜ ਤੋਂ ਚੰਡੀਗੜ੍ਹ ਨੂੰ ਕਾਫਲੇ ਦੇ ਰੂਪ ਵਿਚ ਚੰਡੀਗੜ੍ਹ ਵਿਖੇ ਲੱਗਣ ਵਾਲੇ ਪੱਕੇ ਮੋਰਚੇ ਵਿੱਚ ਸ਼ਾਮਿਲ ਹੋਣ ਲਈ ਜਾ ਰਹੇ ਸਨ ਤਾਂ ਗੋਲੂ ਕੇ ਮੋੜ ਵਿਖੇ ਭਾਰੀ ਪੁਲਸ ਫੋਰਸ ਤਾਇਨਾਤ ਕਰ ਕੇ ਕਿਸਾਨ ਆਗੂਆਂ ਅਤੇ ਜੁਝਾਰੂ ਸਾਥੀਆਂ ਨਾਲ ਪੁਲਿਸ ਵੱਲੋਂ ਧੱਕਾ ਮੁੱਕੀ ਕੀਤੀ ਗਈ ਅਤੇ ਜਬਰਦਸਤੀ ਗ੍ਰਿਫਤਾਰ ਕਰ ਕੇ ਥਾਣਾ ਗੁਰੂ ਹਰ ਸਹਾਏ ਵਿੱਚ ਬੰਦ ਕੀਤਾ ਗਿਆ ਕਿਉਕਿ ਕਿਸਾਨ ਆਪਣੀਆਂ ਅਤੇ ਪੂਰੇ ਪੰਜਾਬ ਦੇ ਲੋਕਾਂ ਦੀਆਂ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਲਈ ਰਵਾਨਾ ਹੋ ਸਨ ਪਿਛਲੇ ਦੋ ਦਿਨਾਂ ਤੋਂ ਪੰਜਾਬ ਪੁਲਿਸ ਵੱਲੋਂ ਕਿਸਾਨ ਆਗੂਆਂ ਅਤੇ ਵਰਕਰਾਂ ਦੇ ਘਰਾਂ ਵਿੱਚ ਛਾਪੇਮਾਰੀ ਕੀਤੀ ਜਾ ਰਹੀ ਸੀ ਲੇਕਿਨ ਪੰਜਾਬ ਸਰਕਾਰ ਨੂੰ ਇਹ ਨਹੀਂ ਪਤਾ ਕਿ ਪਿਛਲੇ ਸਮੇਂ ਦੀਆਂ ਸਰਕਾਰਾਂ ਜਿਨਾ ਨੇ ਕਿਸਾਨਾਂ ਨਾਲ ਧੱਕਾ ਕੀਤਾ ਹੈ ਉਹ ਸਰਕਾਰਾਂ ਵੀ ਨਹੀਂ ਰਹੀਆਂ ਅਤੇ ਮਜੂਦਾ ਸਰਕਾਰ ਨੇ ਵੀ ਨਹੀਂ ਰਹਿਣਾ ਕਿ ਕਰਨਗੇ ਜੇਲਾਂ ਥਾਣੇ ਲੋਕਾਂ ਦੇ ਹੱਕ ਵੱਧਦੇ ਜਾਣੇ ਗ੍ਰਿਫਤਾਰ ਹੋਏ ਸਾਥੀਆਂ ਵਿੱਚ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਜ਼ਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ ਜ਼ਿਲਾ ਖ਼ਜ਼ਾਨਚੀ ਜਤਿੰਦਰ ਸਿੰਘ ਰਿੰਕੂ ਕੜਮਾ ਜ਼ਿਲਾ ਪ੍ਰੈੱਸ ਸਕੱਤਰ ਲਖਵੀਰ ਸਿੰਘ ਡੋਡ ਗੁਰੂ ਹਰ ਸਹਾਏ 1 ਬਲਾਕ ਪ੍ਰਧਾਨ ਅਸ਼ੋਕ ਕੁਮਾਰ ਜੰਡਵਾਲਾ ਗੁਰੂ ਹਰ ਸਹਾਏ 2 ਬਲਾਕ ਪ੍ਰਧਾਨ ਸੁਖਦੇਵ ਢੋਟ ਬਲਾਕ ਮਮਦੋਟ ਪ੍ਰਧਾਨ ਬਲਕਾਰ ਸਿੰਘ ਜੋਧਪੁਰ ਸੰਦੀਪ ਕੁਮਾਰ ਬਲਾਕ ਗੁਰੂ ਸਾਏ ਜਨਰਲ ਸਕੱਤਰ ਮੰਗਲ ਸਿੰਘ ਢੋਟ ਖਜਾਨਚੀ ਸਤਨਾਮ ਚੰਦ ਸੰਧਾ ਮੋਹਣ ਕੇ ਪ੍ਰਧਾਨ ਸੰਦੀਪ ਕੁਮਾਰ ਖਜਾਨਚੀ ਓਮ ਪ੍ਰਕਾਸ਼ ਗੁਰਬਖਸ਼ ਲਾਲ ਬਾਬੇ ਤਾਰੇ ਵਾਲੇ ਤੋਂ ਅਮਰੀਕ ਸਿੰਘ ਹੰਸਰਾਜ ਸ਼ਾਮ ਲਾਲ ਮਲਕੀਤ ਸਿੰਘ ਪ੍ਰਧਾਨ ਗੁਰਦਿਆਲ ਸਿੰਘ ਨਿਰੰਜਨ ਰਾਮ ਬਲਵਿੰਦਰ ਸਿੰਘ ਸੁੱਖ ਦਿਆਲ ਨੰਬਰਦਾਰ ਸ਼ਾਮਲਾਲ ਹੰਸਰਾਜ ਮਲਕੀਤ ਸਿੰਘ ਦਰਸ਼ਨ ਲਾਲ ਜਗਤਾਰ ਸਿੰਘ ਸੁਭਾਸ਼ ਚੰਦਰ ਬਾਜੇਕੇ ਬਲਵੀਰ ਚੰਦ ਬੱਟੀ ਬਾਜੇਕੇ ਮਹਿੰਦਰ ਸਿੰਘ ਕਰਨੈਲ ਸਿੰਘ ਪੂਰਨ ਸਿੰਘ ਹਰਬੰਸ ਸਿੰਘ ਜੋਧਪੁਰ ਜਗਤਾਰ ਸਿੰਘ ਭੱਟੀਆਂ ਜਸਪਾਲ ਸਿੰਘ ਸੋਨੂੰ ਉਪਲ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਠਾਠ ਨਾਨਕਸਰ ਕੁਟੀਆ ਪਿੰਡ ਕਿੜੀਆਂ ਨੇੜੇ ਬਾਬਾ ਮਾਦਾ ਸ਼ਹੀਦ ਹਰੀਕੇ ਵਿਖੇ ਮਹਾਨ ਗੁਰਮਤਿ ਸਮਾਗਮ 30 ਮਾਰਚ ਨੂੰ—ਸੰਤ ਬਾਬਾ ਅਜੀਤਪਾਲ ਸਿੰਘ ਪਾਲੀ



**ਫ਼ਿਰੋਜ਼ਪੁਰ, 5 ਮਾਰਚ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਕੁਟੀਆ ਪਿੰਡ ਕਿੜੀਆਂ ਨੇੜੇ ਬਾਬਾ ਮਾਦਾ ਸ਼ਹੀਦ ਹਰੀਕੇ ਵਿਖੇ ਮਹਾਨ ਗੁਰਮਤਿ ਸਮਾਗਮ 30 ਮਾਰਚ ਨੂੰ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਗੁਰਦੁਆਰਾ ਠਾਠ ਨਾਨਕਸਰ ਠਾਠ ਗੋਬਿੰਦ ਨਗਰ ਖਾਈ ਫੇਮੇਕੀ ਅਤੇ ਕੁਟੀਆ ਨਾਨਕਸਰ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਅਜੀਤਪਾਲ ਸਿੰਘ ਪਾਲੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੰਤ ਬਾਬਾ ਦਯਾ ਸਿੰਘ ਜੀ ਸੁਰ ਸਿੰਘ ਵਾਲੇ, ਸੰਤ ਬਾਬਾ ਕੁੰਦਨ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਬਾਬਾ ਪਿਆਰਾ ਸਿੰਘ ਜੀ ਸ਼ਹੀਦ ਢਾਬਸਰ ਵਾਲੇ ਜੀ ਦੀ ਮਿੱਠੀ ਯਾਦ ਵਿਚ 30 ਮਾਰਚ 2025 ਦਿਨ ਐਤਵਾਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਮਹਾਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਸ੍ਰੀਮਾਨ ਸੰਤ ਬਾਬਾ ਅਜੀਤਪਾਲ ਸਿੰਘ ਪਾਲੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸਿੱਖ ਪੰਥ ਦੇ ਮਹਾਨ ਰਾਗੀ ਕਵੀਸ਼ਰੀ ਭਾਈ ਸੁਖਪ੍ਰੀਤ ਸਿੰਘ ਅੰਮ੍ਰਿਤਸਰ ਵਾਲੇ, ਬਾਬਾ ਤੀਰਥ ਸਿੰਘ ਝਾੜ ਸਾਹਿਬ ਵਾਲੇ, ਭਾਈ ਲਖਬੀਰ ਸਿੰਘ ਕਵੀਸ਼ਰੀ ਜਥਾ, ਬਾਬਾ ਦਰਸ਼ਨ ਸਿੰਘ ਬਾਠਾਂ ਵਾਲੇ, ਬਾਬਾ ਹਰਜੀਤ ਸਿੰਘ ਯੂ.ਕੇ ਵਾਲੇ, ਬਾਬਾ ਰਵਿੰਦਰ ਸਿੰਘ ਰਿੰਕੂ ਨਾਨਕਸਰ ਵਾਲਿਆਂ ਤੋਂ ਇਲਾਵਾ ਹੋਰ ਵੀ ਰਾਗੀ ਜਥੇ ਪਹੁੰਚ ਕੇ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਕੁੜੀਆਂ ਦੇ ਕੁੜੀਆਂ ਨਾਲ ਅਤੇ ਮੁੰਡਿਆਂ ਦਾ ਮੁੰਡਿਆਂ ਨਾਲ ਕਬੱਡੀ ਮੈਚ ਸ਼ਾਮ ਨੂੰ ਚਾਰ ਵਜੇ ਹੋਵੇਗਾ। ਸ੍ਰੀਮਾਨ ਸੰਤ ਬਾਬਾ ਅਜੀਤਪਾਲ ਸਿੰਘ ਪਾਲੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਭਾਰੀ ਗਿਣਤੀ ਵਿਚ ਰਾਗੀ, ਢਾਡੀ, ਕਵੀਸ਼ਰੀ ਜਥਿਆਂ ਤੋਂ ਇਲਾਵਾ ਸੰਤ ਮਹਾਂਪੁਰਸ਼ ਵੀ ਹਾਜ਼ਰੀ ਲੁਆਉਣਗੇ। ਇਸ ਮੌਕੇ ਤੇ ਕਮੇਟੀ ਚੇਅਰਮੈਨ ਸਾਹਿਬ ਮਨਜੀਤ ਸਿੰਘ ਮਹੰਤ ਬਾਬਾ ਦਿਲਬਾਗ ਸਿੰਘ ਸੇਵਾਦਾਰ ਭਾਈ ਬੂਟਾ ਸਿੰਘ, ਭਾਈ ਜ਼ਸਵੰਤ ਸਿੰਘ ਜੱਗਾ, ਬਾਬਾ ਚਰਨਜੀਤ ਸਿੰਘ, ਭਾਈ ਨਿਸ਼ਾਨ ਸਿੰਘ, ਭਾਈ ਹਰਭਜਨ ਸਿੰਘ, ਭਾਈ ਹਰਵੇਲ ਸਿੰਘ, ਭਾਈ ਪਰਮਜੀਤ ਸਿੰਘ, ਭਾਈ ਗੇਜਾ ਸਿੰਘ ਸਰਪੰਚ, ਭਾਈ ਬਲਕਾਰ ਸਿੰਘ, ਭਾਈ ਜ਼ੋਰਾ ਸਿੰਘ, ਭਾਈ ਰਾਜੂ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਬੱਬੂ ਭਾਅ ਜੀ, ਭਾਈ ਅੰਗਰੇਜ਼ ਸਿੰਘ, ਭਾਈ ਜੀਤਾ ਸਿੰਘ, ਭਾਈ ਕੁਲਦੀਪ ਸਿੰਘ, ਭਾਈ ਸੁਰਿੰਦਰ ਸਿੰਘ, ਭਾਈ ਤਰਸੇਮ ਸਿੰਘ, ਭਾਈ ਮਨਜੀਤ ਸਿੰਘ, ਭਾਈ ਕੰਵਲਜੀਤ ਸਿੰਘ, ਬਾਬਾ ਗੁਰਮੀਤ ਸਿੰਘ, ਭਾਈ ਰਵਿੰਦਰ ਸਿੰਘ, ਭਾਈ ਵਿਸ਼ਾਲ ਸਿੰਘ, ਭਾਈ ਜ਼ੋਧਵੀਰ ਸਿੰਘ, ਭਾਈ ਅਜੇ ਸਿੰਘ, ਭਾਈ ਸੂਰਜ ਸਿੰਘ, ਭਾਈ ਸਰਤਾਜ ਸਿੰਘ, ਭਾਈ ਪੰਥਪ੍ਰੀਤ ਸਿੰਘ ਸਮਾਗਮ ਵਿਚ ਸਪੈਸ਼ਲ ਸੰਗਤਾਂ ਦੀ ਹੱਥੀਂ ਸੇਵਾ ਕਰਨਗੇ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਫੈਡਰੇਸ਼ਨ ਮਹਿਤਾ ਵੱਲੋਂ ਜਰਨੈਲ ਸਿੰਘ ਗਾਬੜੀਆ ਦੀਆਂ ਸੇਵਾਵਾਂ ਰੱਦ, ਜਥੇਬੰਦੀ ਵਿਚ ਅਨੁਸਾਸ਼ਨਹੀਣਤਾ ਨਾਲ ਸਮਝੌਤਾ ਨਹੀਂ—ਢੋਟ

**ਫ਼ਿਰੋਜ਼ਪੁਰ, 5 ਮਾਰਚ (ਮਨੋਹਰ ਲਾਲ) :—** ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਕੌਮੀ ਸਕੱਤਰ ਦੇ ਅਹੁਦੇ ਤੇ ਕੰਮ ਕਰਦੇ ਜਰਨੈਲ ਸਿੰਘ ਗਾਬੜੀਆ ਦੀਆਂ ਸੇਵਾਵਾਂ ਅਗਲੇ ਹੁਕਮਾਂ ਤੱਕ ਰੱਦ ਕਰ ਦਿੱਤੀਆਂ ਗਈਆਂ ਹਨ। ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਕੌਮੀ ਪ੍ਰਧਾਨ ਭਾਈ ਅਮਰਬੀਰ ਸਿੰਘ ਢੋਟ ਨੇ ਗੱਲਬਾਤ ਕਰਦਿਆਂ ਕਿਹਾ ਕਿ ਜਰਨੈਨ ਸਿੰਘ ਗਾਬੜੀਆ ਤੇ ਕੁਝ ਲੋਕਾਂ ਵੱਲੋਂ ਜ਼ੋ ਦੋਸ਼ ਲਗਾਏ ਗਏ ਹਨ, ਉਨ੍ਹਾਂ ਨੂੰ ਮੁੱਖ ਰੱਖ ਕੇ ਇਹ ਫੈਸਲਾ ਕੀਤਾ ਗਿਆ ਹੈ। ਭਾਈ ਜ਼ਸਪਾਲ ਸਿੰਘ ਤੇ ਭਾਈ ਸੁਖਦੇਵ ਸਿੰਘ ਲਾਡਾ ਰਾਹੀਂ ਪ੍ਰਾਪਤ ਹੋਏ ਪ੍ਰੈਸ ਨੋਟ ਦਾ ਜ਼ਿਕਰ ਕਰਦਿਆਂ ਭਾਈ ਅਮਰਬੀਰ ਸਿੰਘ ਢੋਟ ਨੇ ਸਪੱਸ਼ਟ ਕੀਤਾ ਕਿ ਜਥੇਬੰਦੀ ਵਿਚ ਅਨੁਸਾਸ਼ਨਹੀਣਤਾ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਾਰਟੀ ਸਿਧਾਤਾਂ ਦੇ ਉਲਟ ਜਾ ਕੇ ਜਥੇਬੰਦੀ ਦੇ ਅਕਸ ਨੂੰ ਖਰਾਬ ਕਰਨ ਵਾਲੇ ਲੋਕਾਂ ਨੂੰ ਜਥੇਬੰਦੀ ਤੋਂ ਬਾਹਰ ਦਾ ਰਸਤਾ ਦਿਖਾਇਆ ਜਾਵੇਗਾ। ਅਖੀਰ ਵਿਚ ਉਨ੍ਹਾਂ ਕਿਹਾ ਕਿ ਫੈਡਰੇਸ਼ਨ ਮਹਿਤਾ ਦਾ ਇਕ ਗੌਰਵਮਈ ਇਤਿਹਾਸ ਹੈ ਅਤੇ ਇਸ ਜਥੇਬੰਦੀ ਦੇ ਆਗੂਆਂ ਨੇ ਇਸ ਦੀ ਸ਼ਾਨ ਦੀ ਬਹਾਲੀ ਲਈ ਕਈ ਕੁਰਬਾਨੀਆਂ ਦਿੱਤੀਆਂ ਹਨ, ਜਿਨ੍ਹਾਂ ਨੂੰ ਦਾਗੀ ਨਹੀਂ ਹੋਣ ਦਿੱਤਾ ਜਾਵੇਗਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਡਾ: ਗੁਰਮੀਤ ਸਿੰਘ, ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ, ਗੁਰਦਰਸ਼ਨ ਸਿੰਘ ਬੱਬੀ, ਹਰਜਿੰਦਰ ਸਿੰਘ ਬੱਗਾ, ਜ਼ਸਬੀਰ ਸਿੰਘ ਜੱਸ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਜਥੇਦਾਰ ਅਕਾਲ ਤਖਤ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸੰਸਥਾ

# ਸਮੁੱਚੇ ਖਾਲਸਾ ਪੰਥ ਦੀ ਅਗਵਾਈ ਕਰਦੇ ਹਨ ਨਾ ਕਿ ਦੋ ਧੜਿਆ ਦੀ : ਮਾਨ

**ਨਵੀਂ ਦਿੱਲੀ, 5 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** "ਸ੍ਰੀ ਹਰਗੋਬਿੰਦ ਸਾਹਿਬ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਮੀਰੀ-ਪੀਰੀ ਦੀ ਮਹਾਨ ਸੰਸਥਾਂ ਨੂੰ ਇਸ ਲਈ ਹੋਂਦ ਵਿਚ ਲਿਆਂਦਾ ਸੀ ਤਾਂ ਕਿ ਸਮੁੱਚਾ ਖਾਲਸਾ ਪੰਥ ਧਾਰਮਿਕ ਤੇ ਸਿਆਸੀ ਤੌਰ ਤੇ ਦਰਪੇਸ ਆਉਣ ਵਾਲੀ ਕਿਸੇ ਮੁਸਕਿਲ ਵਿਚੋ ਨਿਕਲਣ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਸਿੱਖੀ ਮਰਿਯਾਦਾਵਾ ਤੋ ਸੇਧ ਲੈਕੇ ਸਮੂਹਿਕ ਰੂਪ ਵਿਚ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਵਿਚ ਸਹੀ ਢੰਗ ਨਾਲ ਹੱਲ ਕੱਢਕੇ ਅੱਗੇ ਵੱਧ ਸਕੇ ।ਸ੍ਰੀ ਅਕਾਲ ਤਖਤ ਸਾਹਿਬ ਦੀ ਸੰਸਥਾਂ ਕਿਸੇ ਇਕ ਧੜੇ ਜਾਂ ਸੰਗਠਨ ਦੀ ਅਗਵਾਈ ਨਹੀ ਕਰਦੀ, ਬਲਕਿ ਸਮੁੱਚੇ ਖਾਲਸਾ ਪੰਥ ਦੀ ਹਰ ਖੇਤਰ ਵਿਚ ਅਗਵਾਈ ਕਰਦੀ ਹੈ ।ਪਰ ਦੁੱਖ ਅਤੇ ਅਫਸੋਸ ਹੈ ਕਿ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵੱਲੋ ਜੋ ਸ਼੍ਰੋਮਣੀ ਅਕਾਲੀ ਦਲ ਦੇ ਰਾਜਨੀਤਿਕ ਸੰਗਠਨ ਦੀ ਭਰਤੀ ਕਰਨ ਦੀ ਪ੍ਰਕਿਰਿਆ ਸੁਰੂ ਕੀਤੀ ਹੈ, ਉਹ ਕੇਵਲ ਉਨ੍ਹਾਂ ਦੋ ਧੜਿਆ ਦੇ ਆਗੂਆ ਤੇ ਸੰਬੰਧਤ ਲੋਕਾਂ ਨੂੰ ਲੈਕੇ ਸੁਰੂ ਕਰਵਾਈ ਜਾ ਰਹੀ ਹੈ ਜੋ ਅਸਲੀਅਤ ਵਿਚ ਆਪਣੇ ਵੱਲੋ ਬੀਤੇ ਸਮੇ ਵਿਚ ਕੀਤੀਆ ਗਈਆ ਬਜਰ ਗੁਸਤਾਖੀਆ ਦੀ ਬਦੌਲਤ ਖਾਲਸਾ ਪੰਥ ਵਿਚੋ ਰਾਜਸੀ ਤੇ ਧਾਰਮਿਕ ਤੌਰ ਤੇ ਮਨਫੀ ਹੋ ਚੁੱਕੇ ਹਨ ।ਜਿਸ ਦਾਗੀ ਤੇ ਬਾਗੀ ਲੀਡਰਸਿਪ ਨੂੰ ਸ੍ਰੀ ਅਕਾਲ ਤਖਤ ਸਾਹਿਬ ਵੱਲੋ 2 ਦਸੰਬਰ 2024 ਨੂੰ ਹੋਏ ਹੁਕਮਨਾਮਿਆ ਦੀ ਇਕ ਲਿਖਤੀ ਮਦ ਵਿਚ ਇਹ ਦਰਜ ਕਰਕੇ "ਕਿ ਇਹ ਲੀਡਰਸਿਪ ਹੁਣ ਇਖਲਾਕੀ ਤੇ ਰਾਜਨੀਤਿਕ ਤੌਰ ਤੇ ਖਾਲਸਾ ਪੰਥ ਦੀ ਅਗਵਾਈ ਕਰਨ ਦਾ ਹੱਕ ਗੁਆ ਚੁੱਕੀ ਹੈ" ।ਉਸ ਪੂਰਨ ਰੂਪ ਵਿਚ ਸਿੱਖ ਕੌਮ ਵੱਲੋ ਨਕਾਰੀ ਜਾ ਚੁੱਕੀ ਲੀਡਰਸਿਪ ਨੂੰ ਜਿਊਂਦਾ ਕਰਨ ਦੇ ਹੀ ਦੁੱਖਦਾਇਕ ਅਮਲ ਹੋ ਰਹੇ ਹਨ ।ਅਜਿਹੇ ਅਮਲਾਂ ਨਾਲ ਤਾਂ ਸ੍ਰੀ ਅਕਾਲ ਤਖਤ ਸਾਹਿਬ ਦੀ ਮਹਾਨ ਸੰਸਥਾਂ ਅਤੇ ਜਥੇਦਾਰ ਦੇ ਸਤਿਕਾਰਿਤ ਰੁਤਬਿਆ ਉਤੇ ਵੱਡੇ ਪ੍ਰਸਨ ਚਿੰਨ੍ਹ ਲੱਗ ਜਾਣਗੇ ।ਇਸ ਲਈ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੇਕਰ ਵਾਕਿਆ ਹੀ ਸ੍ਰੀ ਅਕਾਲ ਤਖਤ ਸਾਹਿਬ ਦੀ ਸੰਸਥਾਂ ਦੁਆਰਾ ਹੋਂਦ ਵਿਚ ਲਿਆਂਦੀ ਗਈ ਸ਼੍ਰੋਮਣੀ ਅਕਾਲੀ ਦਲ ਦੀ ਰਾਜਨੀਤਿਕ ਜਮਾਤ ਦੇ ਮਾਣ-ਸਨਮਾਨ ਨੂੰ ਬਹਾਲ ਕਰਵਾਉਣਾ ਚਾਹੁੰਦੇ ਹਨ, ਤਾਂ ਉਨ੍ਹਾਂ ਨੂੰ ਸੁਹਿਰਦਤਾ ਤੇ ਦ੍ਰਿੜਤਾ ਨਾਲ ਚਾਹੀਦਾ ਹੈ ਕਿ ਦਾਗੋ ਦਾਗ ਤੇ ਬਾਗੀ ਹੋਈ ਪੂਰਨ ਰੂਪ ਵਿਚ ਦੋਸ਼ੀ ਸਾਬਤ ਹੋ ਚੁੱਕੀ ਇਨ੍ਹਾਂ ਦੋਵਾਂ ਧੜਿਆ ਦੀ ਨਿਰਾਥਕ ਲੀਡਰਸਿਪ ਜਿਸ ਨੂੰ 2 ਦਸੰਬਰ ਦੇ ਹੁਕਮਨਾਮਿਆ ਰਾਹੀ ਪੰਜ ਸਿੰਘ ਸਾਹਿਬਾਨਾਂ ਵੱਲੋ ਖੁਦ ਵੀ ਰੱਦ ਕੀਤਾ ਗਿਆ ਹੈ, ਉਸ ਨੂੰ ਪਾਸੇ ਕਰਕੇ ਸਮੁੱਚੇ ਖਾਲਸਾ ਪੰਥ ਵਿਚ ਵਿਚਰ ਰਹੀ ਸਿੱਖ ਕੌਮ ਦੀ ਸਹੀ ਢੰਗ ਨਾਲ ਭਰਤੀ ਸੁਰੂ ਕਰਵਾਉਣ ਲਈ ਸੁਹਿਰਦ ਅਤੇ ਪੰਥਕ ਆਤਮਾ ਤੇ ਅਧਾਰਿਤ ਸਮੂਹਿਕ ਸਾਂਝੀ ਸਭ ਧੜਿਆ, ਗਰੁੱਪਾਂ ਦੀ ਭਰਤੀ ਕਮੇਟੀ ਨੂੰ ਹੋਂਦ ਵਿਚ ਲਿਆਉਣ ਦੀ ਜਿੰਮੇਵਾਰੀ ਲਿਆਉਣ ਤੇ ਸਮੁੱਚੇ ਖਾਲਸਾ ਪੰਥ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਹੇਠ ਇਕੱਤਰ ਕਰਨ, ਫਿਰ ਹੀ ਕੌਮ ਪੱਖੀ ਚੰਗੇ ਨਤੀਜੇ ਨਿਕਲ ਸਕਦੇ ਹਨ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਦਿਨੀਂ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵੱਲੋ ਖਾਲਸਾ ਪੰਥ ਵਿਚੋ ਨਿਕਾਰੇ ਜਾ ਚੁੱਕੇ ਦੋਵੇ ਬਾਗੀ ਤੇ ਦਾਗੀ ਧੜਿਆ ਦੀ ਦੋਸੀ ਲੀਡਰਸਿਪ ਨੂੰ 18 ਮਾਰਚ ਤੋ ਭਰਤੀ ਕਰਵਾਉਣ ਦੇ ਪੱਖਪਾਤੀ ਕਰਵਾਉਣ ਦੇ ਅਮਲਾਂ ਉਤੇ ਦੁੱਖ ਜਾਹਰ ਕਰਦੇ ਹੋਏ ਅਤੇ ਜਥੇਦਾਰ ਸਾਹਿਬਾਨ ਨੂੰ ਸਮੁੱਚੇ ਖਾਲਸਾ ਪੰਥ ਦੀ ਸਾਂਝੀ ਅਗਵਾਈ ਕਰਨ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਮੀਰੀ ਪੀਰੀ ਦੇ ਸਿਧਾਂਤ ਹੇਠ ਅਗਲੇਰੇ ਅਮਲ ਕਰਨ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਜੇਕਰ ਜਥੇਦਾਰ ਸਾਹਿਬਾਨ ਮੀਰੀ ਪੀਰੀ ਦੇ ਸਿਧਾਂਤ ਅਨੁਸਾਰ ਸਮੁੱਚੇ ਖਾਲਸਾ ਪੰਥ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਮਹਾਨ ਸਥਾਂਨ ਨੂੰ ਸਮੁੱਚੀ ਕੌਮ ਦਾ ਇਹ ਮਹੱਤਵਪੂਰਨ ਕੇਂਦਰ ਪ੍ਰਵਾਨ ਕਰਕੇ ਸਮੁੱਚੀ ਕੌਮ ਲਈ ਚੰਗੇਰੇ ਉਦਮ ਕਰ ਸਕਣਗੇ ਫਿਰ ਤਾਂ ਇਸ ਮਹਾਨ ਸੰਸਥਾਂ ਅਤੇ ਉਸਦੇ ਜਥੇਦਾਰ ਦੇ ਮਾਣ ਸਨਮਾਨ ਦੇ ਰੁਤਬਿਆ ਵਿਚ ਵਾਧਾ ਹੋ ਸਕੇਗਾ ਨਹੀ ਤਾਂ ਇਸ ਮਹਾਨ ਸੰਸਥਾਂ ਅਤੇ ਜਥੇਦਾਰ ਦੀ ਸਰਬਉੱਚ ਪਦਵੀ ਉਤੇ ਵੀ ਵੱਡੇ ਪ੍ਰਸਨ ਚਿੰਨ੍ਹ ਲਗਾਉਣ ਦੇ ਉਹ ਭਾਗੀ ਹੋ ਜਾਣਗੇ ।ਇਸ ਲਈ ਅਸੀ ਇਹ ਉਮੀਦ ਕਰਾਂਗੇ ਕਿ ਜਥੇਦਾਰ ਸਾਹਿਬ ਸ੍ਰੀ ਹਰਗੋਬਿੰਦ ਸਾਹਿਬ ਜੀ ਵੱਲੋ ਜਿਸ ਭਾਵਨਾ ਤੇ ਕੌਮ ਪੱਖੀ ਸੋਚ ਨੂੰ ਮੁੱਖ ਰੱਖਕੇ ਮੀਰੀ ਪੀਰੀ ਦੇ ਸਿਧਾਂਤ ਹੇਠ ਸ੍ਰੀ ਅਕਾਲ ਤਖਤ ਸਾਹਿਬ ਦੀ ਸਿਰਜਣਾ ਕੀਤੀ ਗਈ ਸੀ ਅਤੇ ਸਮੁੱਚੀ ਕੌਮ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਵਿਚ ਇਕੱਤਰ ਕਰਕੇ ਉਸ ਸਮੇ ਦੇ ਜਾਬਰ ਹਾਕਮਾਂ ਵਿਰੁੱਧ ਸੰਘਰਸ ਤੇ ਜੰਗਾਂ ਲੜਦੇ ਹੋਏ ਫਤਿਹ ਪ੍ਰਾਪਤ ਕੀਤੀ ਗਈ ਸੀ, ਉਸੇ ਭਾਵਨਾ ਤੇ ਸੋਚ ਅਨੁਸਾਰ ਜਥੇਦਾਰ ਸਾਹਿਬ ਇਕ ਦੋ ਧੜਿਆ ਦੀ ਗੱਲ ਨਾ ਕਰਕੇ ਸਮੁੱਚੀ ਕੌਮ ਤੇ ਖਾਲਸਾ ਪੰਥ ਨੂੰ ਅੱਗੇ ਲਿਜਾਣ ਅਤੇ ਦਰਪੇਸ ਆ ਰਹੇ ਸਭ ਸਿਆਸੀ, ਸਮਾਜਿਕ, ਧਾਰਮਿਕ ਮਸਲਿਆ ਦੇ ਸਹੀ ਹੱਲ ਕਰਨ ਲਈ ਸੁਹਿਰਦ ਉਦਮ ਕਰਨਗੇ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਮਹਾਨ ਸੰਸਥਾਂ ਅਤੇ ਉਸਦੇ ਜਥੇਦਾਰ ਦੀ ਉੱਚ ਪਦਵੀ ਸੰਬੰਧੀ ਕਿਸੇ ਤਰ੍ਹਾਂ ਦੇ ਅਜਿਹੇ ਅਮਲ ਨਹੀ ਹੋਣਗੇ ਜਿਸ ਨਾਲ ਪਹਿਲੋ ਹੀ ਭੰਬਲਭੂਸੇ ਵਿਚ ਗੁਜਰ ਰਿਹਾ ਖਾਲਸਾ ਪੰਥ ਦੀ ਸਥਿਤੀ ਹੋਰ ਗੁੰਝਲਦਾਰ ਬਣ ਜਾਵੇ।



ਆਵਾਜ਼ਿ ਕੌਮ AWAZE QAUM International Newspaper & WEB TV

**ਬੀਤੇ ਸਮੇ ਵਿਚ ਕੀਤੀਆਂ ਗਈਆਂ ਬਜਰ ਗੁਸਤਾਖੀਆਂ ਦੀ ਬਦੌਲਤ ਖਾਲਸਾ ਪੰਥ ਵਿਚੋਂ ਰਾਜਸੀ ਤੇ ਧਾਰਮਿਕ ਤੌਰ ਤੇ ਹੋ ਚੁੱਕੇ ਹਨ ਮਨਫੀ**

ਅਕਾਲੀ ਦਲ ਦੇ ਦਿਹਾਤੀ ਮੀਤ ਪ੍ਰਧਾਨ ਅਮਰੀਕ ਸਿੰਘ ਸੋਢੀ ਦੇਵੀਦਾਸਪੁਰਾ ਸਮੇਤ ਦੀ ਅਗਵਾਈ 'ਚ

# ਸੈਂਕੜੇ ਪ੍ਰੀਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ

**ਜੰਡਿਆਲਾ ਗੁਰੂ 5 ਮਾਰਚ ( ਕੁਲਵੰਤ ਸਿੰਘ ਵਿਰਦੀ)**-ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਰਵਾਇਤੀ ਪਾਰਟੀਆਂ ਨੂੰ ਲੋਕ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ ਆਮ ਆਦਮੀ ਪਾਰਟੀ ਦਾ ਗ੍ਰਾਫ ਲਗਾਤਾਰ ਵਧਦਾ ਜਾ ਰਿਹਾ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਪਿੰਡ ਦੇਵੀਦਾਸ ਪੁਰਾ ਵਿਖੇ ਪਿੰਡ ਸੈਦਪੁਰ, ਰਾਇਪੁਰ ਖੁਰਦ, ਸ਼ਹੀਦ ਮਲਕੀਤ ਸਿੰਘ ਨਗਰ, ਪਿੰਡ ਦੇਵੀਦਾਸਪੁਰ ਤੋਂ ਸੈਂਕੜੇ ਪਰਿਵਾਰ ਰਵਾਇਤੀ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਦੇ ਹੋਏ ਕੀਤਾ। ਸ: ਈ.ਟੀ.ਓ. ਨੇ ਦੱਸਿਆ ਕਿ ਅਕਾਲੀ ਦਲ ਦੇ ਦਿਹਾਤੀ ਮੀਤ ਪ੍ਰਧਾਨ ਸਮੇਤ 4 ਪਿੰਡਾਂ ਵਿਚੋਂ ਵੱਡੀ ਗਿਣਤੀ ਵਿੱਚ ਵਰਕਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ। ਜਿਨਾਂ ਵਿਚੋਂ ਪਿੰਡ ਦੇਵੀਦਾਸ ਪੁਰਾ ਦੇ ਅਮਰੀਕ ਸਿੰਘ ਸੋਢੀ ਸੀਨੀਅਰ ਮੀਤ ਪ੍ਰਧਾਨ ਦਿਹਾਤੀ ਅਕਾਲੀ ਦਲ, ਬਲਜਿੰਦਰ ਸਿੰਘ ਭੁੱਲਰ, ਦੀ ਅਗਵਾਈ ਵਿੱਚ ਸ਼੍ਰੋਮਣੀ ਦਲ ਬਾਦਲ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਜਨਰਲ ਸਕੱਤਰ ਤੇ ਬਲਾਕ ਸੰਮਤੀ ਜੰਡਿਆਲਾ ਗੁਰੂ ਦੇ ਸਾਬਕਾ ਉਪ ਚੇਅਰਮੈਨ ਸਵਰਗਵਾਸੀ ਜਥੇਦਾਰ ਸਕੱਤਰ ਸਿੰਘ ਦੇਵੀਦਾਸਪੁਰਾ ਦੇ ਗ੍ਰਹਿ ਵਿਖੇ ਮਨਦੀਪ ਮੰਨਾ ਰਣਜੀਤ ਸਿੰਘ ਰਾਣਾ, ਸ਼ਿੰਗਾਰਾ ਸਿੰਘ, ਲਾਢੀ ਸਾਬਕਾ ਮੈਂਬਰ, ਪਿੰਡ ਸੈਦਪੁਰ ਤੋਂ ਸਰਪੰਚ ਸਰਬਜੀਤ ਕੌਰ, ਮੈਂਬਰ ਮੱਸਾ ਸਿੰਘ, ਗੁਰਨਾਮ ਸਿੰਘ, ਕੁਲਵਿੰਦਰ ਸਿੰਘ, ਹਰਜਿੰਦਰ ਸਿੰਘ, ਦਲਬੀਰ ਸਿੰਘ, ਮਾਯੋ ਕੌਰ, ਪਿੰਡ ਰਾਇਪੁਰ ਖੁਰਦ ਤੋਂ ਸਰਪੰਚ ਮਨਜੀਤ ਕੌਰ ਪਤਨੀ ਕਸ਼ਮੀਰ ਸਿੰਘ, ਮੈਂਬਰ ਹਰਪ੍ਰੀਤ ਸਿੰਘ, ਮਾਨ ਸਿੰਘ, ਬਲਵਿੰਦਰ ਸਿੰਘ, ਸਤਿੰਦਰ ਕੌਰ, ਸਰਬਜੀਤ ਕੌਰ, ਪਿੰਡ ਸ਼ਹੀਦ ਮਲਕੀਤ ਸਿੰਘ ਨਗਰ ਤੋਂ ਸਰਪੰਚ ਨਿਸ਼ਾਨ ਸਿੰਘ, ਮੈਂਬਰ ਗੁਰਮੇਜ ਸਿੰਘ, ਗੁਰਨਾਮ ਸਿੰਘ, ਜਗਰੂਪ ਸਿੰਘ, ਰੇਖਾ, ਆਦਿ ਸੈਂਕੜੇ ਪ੍ਰੀਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ । ਸ: ਈ.ਟੀ.ਓ ਨੇ ਇਨਾਂ ਸਾਰਿਆਂ ਦਾ ਪਾਰਟੀ ਵਿੱਚ ਸ਼ਾਮਲ ਹੋਣ ਤੇ ਜੀ ਆਇਆਂ ਕਿਹਾ। ਉਨਾਂ ਕਿਹਾ ਕਿ ਇਨਾਂ ਸਾਰਿਆਂ ਦਾ ਪਾਰਟੀ ਵਿੱਚ ਪੂਰਾ ਮਾਨ ਸਨਮਾਨ ਹੋਵੇਗਾ। ਸ: ਈ.ਟੀ.ਓ. ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਧਦੇ ਹੋਏ ਕੁਨਬੇ ਨੂੰ ਦੇਖ ਕੇ ਵਿਰੋਧੀ ਕੋਝੀਆਂ ਚਾਲਾਂ ਚਲ ਰਹੇ ਹਨ। ਉਨਾਂ ਲੋਕਾਂ ਨੂੰ ਸਾਵਧਾਨ ਕਰਦਿਆਂ ਕਿਹਾ ਕਿ ਇਨਾਂ ਪਾਰਟੀਆਂ ਤੋਂ ਬਚ ਕੇ ਰਹੋ। ਇਨਾਂ ਨੇ ਪਿਛਲੇ 70 ਸਾਲਾਂ ਤੋਂ ਪੰਜਾਬ ਨੂੰ ਮਿਲ ਕੇ ਲੁੱਟਿਆ ਹੈ। ਸ: ਈ.ਟੀ.ਓ. ਨੇ ਕਿਹਾ ਕਿ ਸਾਡੀ ਪਾਰਟੀ ਨੇ ਚੋਣਾਂ ਦੌਰਾਨ ਲੋਕਾਂ ਨੂੰ ਜੋ ਵੀ ਗਰੰਟੀਆਂ ਕੀਤੀਆਂ ਸਨ ਉਸਨੂੰ ਇਕ ਇਕ ਕਰਕੇ ਅਸੀਂ ਪੂਰਾ ਕਰ ਰਹੇ ਹਾਂ। ਉਨਾਂ ਦੱਸਿਆ ਕਿ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਅਸੀਂ ਆਪਣੇ ਤਿੰਨ ਸਾਲ ਦੇ ਕਾਰਜਕਾਲ ਦੌਰਾਨ 50 ਹਜ਼ਾਰ ਤੋਂ ਵੱਧ ਲੋਕਾਂ ਨੂੰ ਨੌਕਰੀਆਂ ਦਿੱਤੀਆਂ ਹਨ ਅਤੇ 600 ਯੂਨਿਟ ਬਿਜਲੀ ਮੁਫ਼ਤ, ਬੱਸਾਂ ਦੀ ਮੁਫ਼ਤ ਸਹੂਲਤ, ਮੁਫ਼ਤ ਰਾਸ਼ਨ ਦੀ ਸੁਵਿਧਾ, ਬੱਚਿਆਂ ਨੂੰ ਵਧੀਆ ਸਿੱਖਿਆ ਦੇਣ ਲਈ ਸਕੂਲ ਆਫ ਐਮੀਨੈਂਸ ਅਤੇ ਆਮ ਆਦਮੀ ਕਲੀਨਿਕ ਖੋਲ੍ਹੇ ਹਨ। ਸ: ਈ.ਟੀ.ਓ. ਨੇ ਕਿਹਾ ਕਿ ਮੈਂ ਜੰਡਿਆਲਾ ਗੁਰੂ ਦੇ ਲੋਕਾਂ ਦਾ ਰਿਣੀ ਹਾਂ ਜਿਨਾਂ ਨੇ ਮੈਨੂੰ ਇਨਾਂ ਮਾਣ ਸਤਿਕਾਰ ਦਿੱਤਾ ਹੈ। ਉਨਾਂ ਕਿਹਾ ਕਿ ਜੰਡਿਆਲਾ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।

**ਆਮ ਆਦਮੀ ਪਾਰਟੀ ਦੇ ਪਰਿਵਾਰ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਕੀਤਾ ਜਾਵੇਗਾ ਪੂਰਾ ਸਨਮਾਨ - ਈ. ਟੀ. ਓ**





ਆਵਾਜ਼ਿ ਕੌਮ AWAZE QAUM International Newspaper & WEB TV

## ਇੱਕ ਨਜ਼ਰ ...




### ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ 8 ਦੇ ਰੋਸ ਮਾਰਚ ਦੀਆਂ ਤਿਆਰੀਆਂ ਜ਼ੋਰਾਂ 'ਤੇ : ਅਮਨਦੀਪ ਸ਼ਰਮਾ

**ਹੁਸ਼ਿਆਰਪੁਰ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਵਿੱਚ ਸਕੱਤਰ ਅਮਨਦੀਪ ਸ਼ਰਮਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਅਮਰ ਸਿੰਘ ਨੇ ਦੱਸਿਆ ਕਿ ਸਿੱਖਿਆ ਮੰਤਰੀ ਪੰਜਾਬ ਵੱਲੋਂ ਸਾਂਝੇ ਅਧਿਆਪਕ ਮੋਰਚੇ ਵੱਲੋਂ ਮੀਟਿੰਗ ਬੁਲਾ ਕੇ ਤੇ ਮੀਟਿੰਗ ਵਿੱਚ ਮੰਨੀਆਂ ਮੰਗਾਂ ਤੋਂ ਆਨਾਕਾਨੀ ਕਰਨ ਅਤੇ ਅਧਿਆਪਕ ਮੰਗਾਂ ਮਸਲਿਆਂ ਨੂੰ ਹੱਲ ਨਾ ਕਰਨ ਦੇ ਵਿਰੋਧ 'ਚ ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਝੰਡੇ ਥੱਲੇ ਸਿੱਖਿਆ ਮੰਤਰੀ ਦੇ ਹਲਕੇ ਵਿੱਚ 8 ਮਾਰਚ ਨੂੰ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੋਸ ਮਾਰਚ ਕੀਤਾ ਜਾ ਰਿਹਾ ਹੈ। ਪੰਜਾਬ ਭਰ ਵਿੱਚ ਇਸ ਦੀਆਂ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ ਤੇ ਇਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਅਧਿਆਪਕ ਸ਼ਾਮਿਲ ਹੋਣਗੇ। ਇਸ ਸਬੰਧੀ ਪੰਜਾਬ ਭਰ ਦੇ ਆਗੂਆਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ। ਅਧਿਆਪਕ ਆਗੂਆਂ ਨੇ ਕਿਹਾ ਕਿ ਇਸ ਰੈਲੀ ਦੀ ਤਿਆਰੀ ਲਈ ਅਧਿਆਪਕਾਂ ਨਾਲ ਡੋਰ ਟੂ ਡੋਰ ਤੇ ਸਕੂਲ ਟੂ ਸਕੂਲ ਜਾ ਕੇ ਰਾਬਤਾ ਕੀਤਾ ਜਾ ਰਿਹਾ ਹੈ ।ਅਧਿਆਪਕ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਸਿੱਖਿਆ ਮੰਤਰੀ ਅਧਿਆਪਕਾਂ ਦੀਆਂ ਮੰਨੀਆਂ ਮੰਗਾਂ ਲਾਗੂ ਕਰਨ ਦੇ ਲਈ ਤਿਆਰ ਨਹੀਂ ਹੈ ।ਇਸ ਲਈ ਉਨ੍ਹਾਂ ਨੂੰ ਸੰਘਰਸ਼ ਦੇ ਰਾਹ ਪੈਣਾ ਪੈ ਰਿਹਾ ਹੈ। ਅਧਿਆਪਕ ਆਗੂਆਂ ਨੇ ਮੰਗਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੀ. ਟੀ. ਆਈਜ਼/ਆਰਟ ਐਂਡ ਕਰਾਫਟ ਟੀਚਰਜ਼ ਦੀ ਤਨਖਾਹ ਕਟੌਤੀ ਦਾ ਪੱਤਰ ਵਾਪਸ ਲੈਣ, ਲੈਕਚਰਾਰਾਂ ਤੇ ਮਾਸਟਰ ਕੇਡਰ ਦੀਆਂ ਤਰੱਕੀਆਂ ਵਿੱਚ ਸਾਰੀਆਂ ਖਾਲੀ ਪੋਸਟਾਂ ਦਿਖਾ ਕੇ ਦੁਬਾਰਾ ਸਟੇਸ਼ਨ ਚੋਣ ਕਰਵਾਉਣ, ਕੰਪਿਊਟਰ ਅਧਿਆਪਕਾਂ ਨੂੰ ਪਿਕਟਸ ਸੁਸਾਇਟੀ ਦੀ ਬਜਾਏ ਸਿੱਖਿਆ ਵਿਭਾਗ ਵਿੱਚ ਸ਼ਿਫਟ ਕਰਨ ਸਮੇਤ ਤਨਖਾਹ ਦੁਹਰਾਈ ਤੇ ਮਹਿੰਗਾਈ ਭੱਤੇ ਦੇ ਪੱਤਰ ਲਾਗੂ ਕਰਨ, 2018 ਦੇ ਅਧਿਆਪਕ ਵਿਰੋਧੀ ਨਿਯਮ ਰੱਦ ਕਰਨ, ਸਿੱਖਿਆ ਨੀਤੀ 2020 ਰੱਦ ਕਰਕੇ ਪੰਜਾਬ ਦੀ ਸਿੱਖਿਆ ਨੀਤੀ ਬਣਾਉਣ, ਦਫਤਰੀ ਕਾਮਿਆਂ ਸਮੇਤ ਹਰ ਤਰ੍ਹਾਂ ਦੇ ਰਹਿੰਦੇ ਕੱਚੇ ਅਧਿਆਪਕ ਪੂਰੇ ਗ੍ਰੇਡ 'ਤੇ ਪੱਕੇ ਕਰਨ, ਮੈਰੀਟੋਰੀਅਸ ਤੇ ਆਦਰਸ਼ ਸਕੂਲਾਂ ਦੇ ਸਟਾਫ ਨੂੰ ਸਿੱਖਿਆ ਵਿਭਾਗ ਵਿੱਚ ਚ ਪੱਕੇ ਕਰਨ, ਮਿਡਲ ਸਕੂਲਾਂ ਦੀ ਮਰਜਿੰਗ ਰੱਦ ਕਰਨ, ਹਰ ਵਰਗ ਦੀਆਂ ਰਹਿੰਦੀਆਂ ਤਰੱਕੀਆਂ ਕਰਨ, ਬੀਪੀਓ ਹੈੱਡਮਾਸਟਰ ਤੋ ਪ੍ਰਿੰਸੀਪਲ ਅਤੇ ਈਟੀਟੀ ਤੋਂ ਮਾਸਟਰ ਕਾਡਰ ਦੀਆਂ ਪ੍ਰਮੋਸ਼ਨਾਂ ਕਰਨ, ਤਨਖਾਹ ਦੁਹਰਾਈ ਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਕਾਏ ਤੁਰੰਤ ਜਾਰੀ ਕਰਨ ਅਤੇ 5994 ਤੇ 2364 ਈ ਟੀ ਟੀ ਅਧਿਆਪੱਕਾ ਨੂੰ ਤੁਰੰਤ ਸਟੇਸ਼ਨ ਜਾਰੀ ਕੀਤੇ ਜਾਣ ਸਮੇਤ ਅਧਿਆਪਕਾਂ ਦੇ ਸਮੁੱਚੇ ਮਸਲੇ ਹੱਲ ਕਰਨ ਦੀ ਮੰਗ ਕੀਤੀ। ਅਧਿਆਪਕ ਆਗੂਆਂ ਸ ਸੰਜੀਵ ਧੂਤ ਅਤੇ ਪ੍ਰਿੰਸ ਗੜਦੀਵਾਲ ਨੇ ਪੰਜਾਬ ਭਰ ਦੇ ਅਧਿਆਪਕਾਂ ਨੂੰ ਇਸ ਰੋਸ ਮਾਰਚ 'ਚ ਸ਼ਾਮਲ ਹੋਣ ਦੀ ਬੇਨਤੀ ਕੀਤੀ। ਇਸ ਸਮੇਂ ਵਿਕਾਸ ਸ਼ਰਮਾ ,ਦਵਿੰਦਰ ਸਿੰਘ ,ਨਰਿੰਦਰ ਮੰਗਲ ,ਸਰਬਜੀਤ ਸਿੰਘ ,ਸਚਿਨ ਕੁਮਾਰ, ਕਮਲਦੀਪ ਸਿੰਘ ,ਅਨੁਪਮ ਰਤਨ, ਮਦਨ ਲਾਲ, ਹਰਜਿੰਦਰ ਸਿੰਘ ,ਸੰਦੀਪ ਕੁਮਾਰ ਅਤੇ ਮੈਡਮ ਸੁਮਨ ਕਜਲਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ: ਮਹਿੰਦਰ ਭਗਤ



**ਜਲੰਧਰ, 5 ਮਾਰਚ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਸੂਬੇ ਅੰਦਰ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਦੇ ਸਾਰਥਕ ਨਤੀਜੇ ਆਉਣੇ ਸ਼ੁਰੂ ਹੋ ਗਏ ਹਨ। ਸ੍ਰੀ ਭਗਤ ਨੇ ਸੂਬਾ ਵਾਸੀਆਂ ਨੂੰ ਪੰਜਾਬ ਸਰਕਾਰ ਵਲੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਜਨਤਕ ਲਹਿਰ ਬਣਾਉਣ ਦਾ ਸੱਦਾ ਦਿੱਤਾ।

### ਰਿਆਤ ਬਾਹਰਾ ਫੈਸ਼ਨ ਡਿਜ਼ਾਈਨ ਵਿਭਾਗ ਦੁਆਰਾ ਆਯੋਜਿਤ ਫੇਵਿਕ੍ਰਿਲ ਵਰਕਸ਼ਾਪ

**ਹੁਸ਼ਿਆਰਪੁਰ, 5 ਮਾਰਚ (ਆਵਾਜ਼ਿ ਕੌਮ ਬਿਊਰੋ)**- ਰਿਆਤ ਬਾਹਰਾ ਮੈਨੇਜਮੈਂਟ ਕਾਲਜ ਦੇ ਫੈਸ਼ਨ ਡਿਜ਼ਾਈਨ ਵਿਭਾਗ ਨੇ ਫੇਵਿਕ੍ਰਿਲ (ਪਿਡਿਲਾਈਟ) ਵਰਕਸ਼ਾਪ ਸਫਲਤਾਪੂਰਵਕ ਕਰਵਾਇਆ। ਇਹ ਪ੍ਰੋਗਰਾਮ ਡਾਇਰੈਕਟਰ-ਪ੍ਰਿੰਸੀਪਲ ਡਾ. ਹਰਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਕਰਵਾਇਆ ਗਿਆ। ਵਰਕਸ਼ਾਪ ਵਿੱਚ, ਫੇਵਿਕ੍ਰਿਲ (ਪਿਡਿਲਾਈਟ) ਦੇ ਮਾਹਰ ਨਵਦੀਪ ਨੇ ਵਿਦਿਆਰਥੀਆਂ ਨੂੰ ਦੋ ਸੈਸ਼ਨਾਂ - ਲਿਪਨ ਆਰਟ ਅਤੇ ਸਟੈਂਸਿਲ ਪ੍ਰਿੰਟਿੰਗ - ਵਿੱਚ ਸਿਖਲਾਈ ਦਿੱਤੀ। ਇਸ ਦਾ ਉਦੇਸ਼ ਰਵਾਇਤੀ ਅਤੇ ਆਧੁਨਿਕ ਕਲਾ ਤਕਨੀਕਾਂ ਸਿਖਾ ਕੇ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਨੂੰ ਉਤਸ਼ਾਹਿਤ ਕਰਨਾ ਸੀ। ਪਹਿਲੇ ਦਿਨ, ਵਿਦਿਆਰਥੀਆਂ ਨੂੰ ਰਵਾਇਤੀ ਲਿਪਨ ਕਲਾ ਨਾਲ ਜਾਣੂ ਕਰਵਾਇਆ ਗਿਆ, ਜੋ ਕੁਦਰਤੀ ਸਮੱਗਰੀ ਅਤੇ ਗੁੰਝਲਦਾਰ ਡਿਜ਼ਾਈਨਾਂ ਦੀ ਵਰਤੋਂ ਕਰਦੀ ਹੈ। ਮਾਹਿਰਾਂ ਦੀ ਅਗਵਾਈ ਹੇਠ, ਵਿਦਿਆਰਥੀਆਂ ਨੇ ਇਸ ਲੋਕ ਕਲਾ ਦੇ ਸ਼ਾਨਦਾਰ ਨਮੂਨੇ ਤਿਆਰ ਕੀਤੇ। ਦੂਜੇ ਦਿਨ ਸਟੈਂਸਿਲ ਪ੍ਰਿੰਟਿੰਗ 'ਤੇ ਕੇਂਦ੍ਰਿਤ ਸੀ, ਜਿੱਥੇ ਵਿਦਿਆਰਥੀਆਂ ਨੇ ਟੀ-ਸ਼ਰਟਾਂ 'ਤੇ ਵੱਖ-ਵੱਖ ਡਿਜ਼ਾਈਨਾਂ ਨਾਲ ਪ੍ਰਯੋਗ ਕੀਤਾ। ਉਨ੍ਹਾਂ ਨੇ ਸਟੈਂਸਿਲ ਬਣਾਉਣ ਅਤੇ ਛਪਾਈ ਦੀਆਂ ਤਕਨੀਕਾਂ ਸਿੱਖਦੇ ਹੋਏ ਵਿਲੱਖਣ ਪੈਟਰਨ ਅਤੇ ਰੰਗ ਸੰਜੋਗ ਵਿਕਸਤ ਕੀਤੇ। ਵਿਭਾਗ ਦੇ ਮੁਖੀ ਪ੍ਰੋਫੈਸਰ ਚਰਨਪ੍ਰੀਤ ਸਿੰਘ ਨੇ ਕਿਹਾ ਕਿ ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਨੂੰ ਵਿਹਾਰਕ ਅਨੁਭਵ ਦੇਣਾ ਅਤੇ ਉਨ੍ਹਾਂ ਦੀਆਂ ਕਲਾਤਮਕ ਯੋਗਤਾਵਾਂ ਨੂੰ ਉਤਸ਼ਾਹਿਤ ਕਰਨਾ ਸੀ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਰਾਹੀਂ ਵਿਦਿਆਰਥੀ ਨਾ ਸਿਰਫ਼ ਨਵੀਆਂ ਤਕਨੀਕਾਂ ਸਿੱਖਦੇ ਹਨ, ਸਗੋਂ ਆਪਣੇ ਰਚਨਾਤਮਕ ਵਿਚਾਰਾਂ ਨੂੰ ਹਕੀਕਤ ਵਿੱਚ ਬਦਲਣ ਦਾ ਮੌਕਾ ਵੀ ਪ੍ਰਾਪਤ ਕਰਦੇ ਹਨ।



**ਵਾਹਿਗੁਰੂ ਜੀ ਕਾ ਖਾਲਸਾ।**
**ਵਾਹਿਗੁਰੂ ਜੀ ਕੀ ਫਤਿਹ॥**

# ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸੈਂਟਰਲ






## ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਪ੍ਰਭੂਸੱਤਾ ਅਤੇ ਅਤੇ ਜਥੇਦਾਰਾਂ ਦੇ ਸਨਮਾਨ ਬਹਾਲੀ ਦੇ ਸਬੰਧ ਵਿੱਚ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸੈਂਟਰਲ ਮੈਨਚੈਸਟਰ ਵਿਖੇ

# ਵਿਸ਼ਾਲ ਪੰਥਕ ਇਕੱਠ

**9 ਮਾਰਚ 2025 ਦਿਨ ਐਤਵਾਰ ਦੁਪਹਿਰ 2 ਤੋਂ ਸ਼ਾਮ 5 ਵਜੇ ਤੱਕ**

**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ**

ਗੁਰੂ ਪਿਆਰੇ ਖਾਲਸਾ ਜੀਓ, ਪਿਛਲੇ ਸਾਲ 2 ਦਸੰਬਰ 2024 ਨੂੰ ਜਦੋਂ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਫਸੀਲ ਤੋਂ ਸਿੰਘ ਸਾਹਿਬਾਨਾਂ ਵੱਲੋਂ ਆਦੇਸ਼ ਸੁਣਾਏ ਗਏ ਸਨ ਤੋਂ ਉਹਨਾਂ ਆਦੇਸ਼ਾਂ ਤੋਂ ਭਗੋੜੇ ਹੋਣ ਵਾਲਿਆਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਪ੍ਰਭੂਸੱਤਾ ਅਤੇ ਜਥੇਦਾਰਾਂ ਦੇ ਅਧਿਕਾਰਾਂ ਉਤੇ ਸਵਾਲ ਖੜੇ ਕਰ ਦਿੱਤੇ ਹਨ ਜਿਸ ਕਰਕੇ ਪੂਰੀ ਦੁਨੀਆ ਦਾ ਸਿੱਖ ਅੱਜ ਬੇਚੈਨ ਅਤੇ ਪਰੇਸ਼ਾਨ ਹੈ। ਇਹਨਾਂ ਮਸਲਿਆਂ ਦਾ ਕੀ ਹੱਲ ਹੋਵੇ ਇਸ ਸਬੰਧ ਵਿੱਚ ਇੰਗਲੈਂਡ ਭਰ ਦੀਆਂ ਸਿੱਖ ਜਥੇਬੰਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਪੰਥਕ ਦਰਦੀਆਂ ਦਾ ਵਿਸ਼ਾਲ ਇਕੱਠ **ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸੈਂਟਰਲ ਮੈਨਚੈਸਟਰ** ਵਿਖੇ ਸੱਦਿਆ ਗਿਆ ਹੈ। ਜਿੱਥੇ ਪੰਥ ਦਰਦੀਆਂ ਨੂੰ ਖੁੱਲਾ ਸੱਦਾ ਅਤੇ ਬੇਨਤੀ ਕੀਤੀ ਜਾਂਦੀ ਹੈ ਕਿ **ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸੈਂਟਰਲ ਮੈਨਚੈਸਟਰ** ਵਿਖੇ ਦੁਪਹਿਰ 2 ਤੋਂ 5 ਵਜੇ ਪਹੁੰਚਣ ਦੀ ਕਿਰਪਾਲਤਾ ਕਰੋ ਜੀ, ਉੱਥੇ ਪੰਥਕ ਵਿਦਵਾਨ ਜਥੇਬੰਦੀਆਂ ਦੇ ਆਗੂ ਅਤੇ ਗੁਰਦੁਆਰਿਆਂ ਦੇ ਪ੍ਰਬੰਧਕ ਵਿਚਾਰ ਕਰਕੇ ਸਾਂਝਾ ਫੈਸਲਾ ਕਰਨਗੇ । **ਸੋ ਆਪ ਸਭ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।**

**ਵਧੇਰੇ ਜਾਣਕਾਰੀ ਲਈ**

| ਪ੍ਰਭਜੋਤ ਸਿੰਘ | ਗਿਆਨੀ ਅਮਰੀਕ ਸਿੰਘ ਰਾਠੌਰ | ਰਛਪਾਲ ਸਿੰਘ ਦਰਵੇਸ਼ | ਭਗਵੰਤ ਸਿੰਘ |
|---|---|---|---|
| 07803370739 | 07890609868 | 074111 80396 | 07746944584 |

**SRI GURU SINGH SABHA GURDWARA (CENTRAL)**

**32 DERBY ST. CHEETHAM HILL, MANCHESTER MB 8RY**